ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2395 6 March, 2026 Friday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

# ਇੰਗਲੈਂਡ ਨੂੰ ਹਰਾ ਕੇ ਟੀ-20 ਵਰਲਡ ਕੱਪ ਦੇ ਫਾਈਨਲ 'ਚ ਪਹੁੰਚੀ ਟੀਮ ਇੰਡੀਆ

ਮੁੰਬਈ
ਸਾਂਝੀ ਸੋਚ ਬਿਊਰੋ

ਭਾਰਤੀ ਟੀਮ ਨੇ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿਚ ਖੇਡੇ ਗਏ ਦੂਜੇ ਸੈਮੀਫਾਈਨਲ ਦੇ ਇੱਕ ਬੇਹੱਦ ਰੋਮਾਂਚਕ ਮੁਕਾਬਲੇ ਵਿਚ ਇੰਗਲੈਂਡ ਨੂੰ 7 ਦੌੜਾਂ ਨਾਲ ਹਰਾਇਆ ਅਤੇ ਟੀ-20 ਵਿਸ਼ਵ ਕੱਪ 2026 ਦੇ ਫਾਈਨਲ ਵਿਚ ਐਂਟਰੀ ਕਰ ਲਈ ਹੈ।ਟਾਸ ਹਾਰ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤੀ ਟੀਮ ਨੇ 7 ਵਿਕਟਾਂ ਦੇ ਨੁਕਸਾਨ 'ਤੇ 253 ਦੌੜਾਂ ਦਾ ਵਿਸ਼ਾਲ ਸਕੋਰ ਖੜ੍ਹਾ ਕੀਤਾ। ਭਾਰਤ ਲਈ ਸੰਜੂ ਸੈਮਸਨ ਨੇ ਸਭ ਤੋਂ ਵੱਧ 89 ਦੌੜਾਂ (42 ਗੇਂਦਾਂ) ਬਣਾਈਆਂ, ਜਿਸ ਵਿਚ 8 ਚੌਕੇ ਅਤੇ 7 ਛੱਕੇ ਸ਼ਾਮਲ ਸਨ। ਸੈਮਸਨ ਨੇ ਆਪਣਾ ਅਰਧ-ਸੈਂਕੜਾ ਮਹਿਜ਼ 26 ਗੇਂਦਾਂ ਵਿੱਚ ਪੂਰਾ ਕੀਤਾ। ਉਨ੍ਹਾਂ ਤੋਂ ਇਲਾਵਾ ਸ਼ਿਵਮ ਦੂਬੇ ਨੇ 43 ਦੌੜਾਂ ਅਤੇ ਈਸ਼ਾਨ ਕਿਸ਼ਨ ਨੇ 39 ਦੌੜਾਂ ਦਾ ਅਹਿਮ ਯੋਗਦਾਨ ਪਾਇਆ। ਭਾਰਤ ਨੇ ਆਪਣੇ 100 ਰਨ ਸਿਰਫ 8.3 ਓਵਰਾਂ ਵਿਚ ਪੂਰੇ ਕੀਤੇ, ਜੋ ਕਿ ਵਿਸ਼ਵ ਕੱਪ ਨਾਕਆਊਟ ਇਤਿਹਾਸ ਦਾ ਦੂਜਾ ਸਭ ਤੋਂ ਤੇਜ਼ ਸਕੋਰ ਹੈ। ਅੰਤ ਵਿਚ ਤਿਲਕ ਵਰਮਾ (21) ਅਤੇ ਹਾਰਦਿਕ ਪੰਡਿਆ (27) ਨੇ ਤੇਜ਼ੀ ਨਾਲ ਦੌੜਾਂ ਜੋੜ ਕੇ ਸਕੋਰ 250 ਦੇ ਪਾਰ ਪਹੁੰਚਾਇਆ।254 ਦੌੜਾਂ ਦੇ ਵੱਡੇ ਟੀਚੇ ਦਾ ਪਿੱਛਾ ਕਰਦਿਆਂ ਇੰਗਲੈਂਡ ਦੀ ਸ਼ੁਰੂਆਤ ਖ਼ਰਾਬ ਰਹੀ। ਫਿਲ ਸਾਲਟ (5), ਹੈਰੀ ਬਰੂਕ (7) ਅਤੇ ਕਪਤਾਨ ਜੋਸ ਬਟਲਰ (25) ਜਲਦੀ ਆਊਟ ਹੋ ਗਏ। ਹਾਲਾਂਕਿ, ਜੈਕਬ ਬੈਥਲ ਨੇ ਸ਼ਾਨਦਾਰ ਬੱਲੇਬਾਜ਼ੀ ਕਰਦਿਆਂ ਸਿਰਫ 48 ਗੇਂਦਾਂ ਵਿਚ 105 ਦੌੜਾਂ ਦੀ ਸੈਂਕੜੇ ਵਾਲੀ ਪਾਰੀ ਖੇਡੀ, ਜਿਸ ਨੇ ਮੈਚ ਨੂੰ ਅੰਤ ਤੱਕ ਰੋਮਾਂਚਕ ਬਣਾਈ ਰੱਖਿਆ। ਇੰਗਲੈਂਡ ਦੀ ਟੀਮ ਨਿਰਧਾਰਤ 20 ਓਵਰਾਂ ਵਿਚ 7 ਵਿਕਟਾਂ 'ਤੇ 246 ਦੌੜਾਂ ਹੀ ਬਣਾ ਸਕੀ।ਮੈਚ




ਦੇ ਆਖਰੀ ਪਲਾਂ ਵਿਚ ਜਸਪ੍ਰੀਤ ਬੁਮਰਾਹ ਅਤੇ ਹਾਰਦਿਕ ਪੰਡਿਆ ਦੁਆਰਾ ਸੁੱਟੇ ਗਏ 18ਵੇਂ ਅਤੇ 19ਵੇਂ ਓਵਰ ਮੈਚ ਦੇ 'ਟਰਨਿੰਗ ਪੁਆਇੰਟ' ਸਾਬਤ ਹੋਏ, ਜਿਨ੍ਹਾਂ ਨੇ ਇੰਗਲੈਂਡ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ। ਭਾਰਤ ਵੱਲੋਂ ਹਾਰਦਿਕ ਪੰਡਿਆ, ਜਸਪ੍ਰੀਤ ਬੁਮਰਾਹ, ਅਕਸ਼ਰ ਪਟੇਲ ਅਤੇ ਵਰੁਣ ਚੱਕਰਵਰਤੀ ਨੇ ਮਹੱਤਵਪੂਰਨ ਵਿਕਟਾਂ ਹਾਸਲ ਕੀਤੀਆਂ।

ਹੁਣ ਭਾਰਤੀ ਟੀਮ 8 ਮਾਰਚ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿਚ ਹੋਣ ਵਾਲੇ ਫਾਈਨਲ ਮੁਕਾਬਲੇ ਵਿਚ ਨਿਊਜ਼ੀਲੈਂਡ ਦਾ ਸਾਹਮਣਾ ਕਰੇਗੀ। ਨਿਊਜ਼ੀਲੈਂਡ ਨੇ ਪਹਿਲਾਂ ਹੀ ਦੱਖਣੀ ਅਫਰੀਕਾ ਨੂੰ ਹਰਾ ਕੇ ਫਾਈਨਲ ਵਿਚ ਜਗ੍ਹਾ ਬਣਾ ਲਈ ਹੈ। ਭਾਰਤ ਦੀ ਕੋਸ਼ਿਸ਼ ਲਗਾਤਾਰ ਦੂਜੀ ਵਾਰ ਵਿਸ਼ਵ ਖਿਤਾਬ ਜਿੱਤਣ ਦੀ ਹੋਵੇਗੀ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਲਾਲ ਗਲਿਆਰਾ ਬੀਤੇ ਦੀ ਕਹਾਣੀ ਬਣਨ ਦੀ ਕਗਾਰ ’ਤੇ

ਦੇਸ਼ ਵਿੱਚ ਮਾਓਵਾਦੀ ਅੱਤਵਾਦ ਵਿਰੁੱਧ ਲੰਮੇ ਸਮੇਂ ਤੋਂ ਚੱਲ ਰਹੀ ਲੜਾਈ ਹੁਣ ਇੱਕ ਫੈਸਲਾਕੁੰਨ ਮੋੜ ’ਤੇ ਪਹੁੰਚ ਚੁੱਕੀ ਹੈ। ਕਈ ਦਹਾਕਿਆਂ ਤੱਕ ਜਿਸ “ਲਾਲ ਗਲਿਆਰੇ” ਨੂੰ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡੀ ਚੁਣੌਤੀ ਮੰਨਿਆ ਜਾਂਦਾ ਰਿਹਾ, ਉਹ ਹੁਣ ਆਪਣੀ ਆਖਰੀ ਸਾਹ ਲੈਂਦਾ ਦਿਸ ਰਿਹਾ ਹੈ। ਮੈਨੂੰ ਇਹ ਕਹਿਣ 'ਚ ਕੋਈ ਸੰਕੋਚ ਨਹੀਂ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਲਾਲ ਕੋਰੀਡੋਰ ਬੀਤੇ ਦੀ ਬਣ ਕੇ ਰਹਿ ਜਾਵੇਗਾ।

ਇਸ ਵਿਸ਼ਵਾਸ ਦਾ ਆਧਾਰ ਹਾਲੀਆ ਘਟਨਾਕ੍ਰਮ ਹਨ। ਕੁਝ ਦਿਨ ਪਹਿਲਾਂ ਚੋਟੀ ਦੇ ਮਾਓਵਾਦੀ ਨੇਤਾ ਅਤੇ ਪਾਬੰਦੀਸ਼ੁਦਾ ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਸੀਨੀਅਰ ਮੈਂਬਰ, 62 ਸਾਲਾ ਥਿਪਿਰੀ ਤਿਰੁਪਤੀ ਉਰਫ਼ ਦੇਵੂਜੀ ਨੇ ਆਪਣੇ ਤਿੰਨ ਉੱਚ ਪੱਧਰੀ ਸਾਥੀਆਂ ਸਮੇਤ ਤੇਲੰਗਾਣਾ ਪੁਲਿਸ ਅੱਗੇ ਆਤਮ ਸਮਰਪਣ ਕੀਤਾ। ਇਹ ਕੇਵਲ ਇੱਕ ਵਿਅਕਤੀ ਦਾ ਹਥਿਆਰ ਛੱਡਣਾ ਨਹੀਂ, ਸਗੋਂ ਇੱਕ ਪੂਰੀ ਵਿਚਾਰਧਾਰਕ ਧਾਰਾ ਦੇ ਕਮਜ਼ੋਰ ਪੈਂਦੇ ਹੋਏ ਕਿਲ੍ਹੇ ਦੀ ਨਿਸ਼ਾਨੀ ਹੈ। ਦੇਵੂਜੀ ਦਾ ਇਹ ਕਦਮ ਮਾਓਵਾਦੀ ਕੱਟੜਪੰਥੀ ਧਿਰਾਂ ਲਈ ਹੀ ਨਹੀਂ, ਸਗੋਂ ਹਿੰਸਕ ਖੱਬੇਪਖੀ ਰਾਜਨੀਤੀ ਦੇ ਸਮਰਥਕਾਂ ਲਈ ਵੀ ਵੱਡਾ ਝਟਕਾ ਹੈ।

ਦੇਵੂਜੀ ਦੁਆਰਾ ਭਵਿੱਖ ਵਿੱਚ ਸੰਵਿਧਾਨ ਅਤੇ ਕਾਨੂੰਨੀ ਢਾਂਚੇ ਅੰਦਰ ਰਹਿ ਕੇ ਕੰਮ ਕਰਨ ਦਾ ਇਰਾਦਾ ਜਤਾਉਣਾ ਚੋਟੀ ਦੇ ਆਗੂਆਂ ਵਿੱਚ ਆ ਰਹੀ ਅੰਦਰੂਨੀ ਮਨੋਵਿਗਿਆਨਕ ਪਰਿਵਰਤਨ ਦਾ ਪ੍ਰਮਾਣ ਹੈ। ਮਾਓਵਾਦ, ਜੋ ਲੰਮੇ ਸਮੇਂ ਤੱਕ ਸੰਵਿਧਾਨ ਅਤੇ ਲੋਕਤੰਤਰ ਨੂੰ “ਬੁਰਜ਼ੁਆ ਢਾਂਚਾ” ਕਹਿ ਕੇ ਰੱਦ ਕਰਦਾ ਰਿਹਾ ਅਤੇ ਮਸਲਿਆਂ ਦਾ ਸਮਾਧਾਨ ਬੰਦੂਕ ਦੀ ਗੋਲੀ ਰਾਹੀਂ ਲੱਭਣ ਦੀ ਕੋਸ਼ਿਸ਼ ਕਰਦਾ ਸੀ, ਅੱਜ ਆਪਣੇ ਹੀ ਸਿਧਾਂਤਾਂ ਤੋਂ ਵਾਪਸੀ ਕਰਦਾ ਦਿਖਾਈ ਦੇ ਰਿਹਾ ਹੈ। ਹਕੀਕਤ ਇਹ ਹੈ ਕਿ ਬੰਦੂਕ ਦੀ ਨਲੀ ਰਾਹੀਂ ਇਨਕਲਾਬ ਦਾ ਸੁਪਨਾ ਕਦੇ ਵੀ ਕਬਾਇਲੀ ਸਮਾਜ ਦੀ ਅਸਲੀ ਲੋੜ ਨਹੀਂ ਸੀ ਨਾ ਹੀ ਇਹ ਕਬਾਇਲੀ ਵਿਦਰੋਹ ਦਾ ਸਵੈ-ਇੱਛਤ ਮਾਡਲ ਸੀ।

ਮਾਓਵਾਦੀ ਸੰਗਠਨਾਂ ਨੇ ਹਮੇਸ਼ਾਂ ਦਾਅਵਾ ਕੀਤਾ ਕਿ ਉਹ ਜੰਗਲਾਤੀ ਅਤੇ ਆਦਿਵਾਸੀ ਖੇਤਰਾਂ ਦੇ ਹੱਕਾਂ ਲਈ ਲੜ ਰਹੇ ਹਨ। ਪਰ ਜਮੀਨੀ ਹਕੀਕਤ ਇਹ ਰਹੀ ਕਿ ਉਨ੍ਹਾਂ ਦੀ ਹਿੰਸਕ ਰਣਨੀਤੀ ਨੇ ਇਨ੍ਹਾਂ ਖੇਤਰਾਂ ਨੂੰ ਵਿਕਾਸ ਤੋਂ ਵੰਚਿਤ ਕੀਤਾ। ਅਨੇਕਾਂ ਸਕੂਲ ਸਾੜੇ ਗਏ, ਸੜਕਾਂ ਅਤੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਅਤੇ ਦੋ ਪੀੜੀਆਂ ਨੂੰ ਅਨਪੜ ਰੱਖਣ ਲਈ ਮਜਬੂਰ ਕੀਤਾ। “ਲਾਲ ਕੋਰੀਡੋਰ” ਦਾ ਨਾਅਰਾ ਦਰਅਸਲ ਇੱਕ ਮਨੋਵਿਗਿਆਨਕ ਘੇਰਾ ਸੀ, ਜਿਸ ਨੇ ਡਰ, ਅਸਥਿਰਤਾ ਅਤੇ ਹਿੰਸਾ ਨੂੰ ਆਦਿਵਾਸੀ ਇਲਾਕਿਆਂ ਦੀ ਕਿਸਮਤ ਬਣਾਇਆ। ਇਸ ਵਿਚਾਰਧਾਰਾ ਨੇ ਨਾ ਤਾਂ ਆਰਥਿਕ ਖ਼ੁਸ਼ਹਾਲੀ ਦਿੱਤੀ ਅਤੇ ਨਾ ਹੀ ਸਮਾਜਿਕ ਨਿਆਂ, ਸਿਰਫ਼ ਤਬਾਹੀ ਦਿੱਤੀ।

ਦੇਵੂਜੀ, ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ, ਸੈਂਟਰਲ ਮਿਲਟਰੀ ਕਮਿਸ਼ਨ ਦੇ ਪ੍ਰਮੁੱਖ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੇ ਮੁੱਖ ਰਣਨੀਤੀਕਾਰ ਰਹੇ ਹਨ। ਪੁਲਿਸ ਦੇ ਦਾਅਵਿਆਂ ਅਨੁਸਾਰ ਕਈ ਵੱਡੇ ਹਮਲਿਆਂ ਦੇ ਮਾਸਟਰਮਾਈਂਡ ਅਤੇ ਢਾਈ ਸੌ ਤੋਂ ਵੱਧ ਸੁਰੱਖਿਆ ਕਰਮਚਾਰੀਆਂ ਅਤੇ ਨਾਗਰਿਕਾਂ ਦੀ ਹੱਤਿਆ ਪਿੱਛੇ ਉਸਦਾ ਹੱਥ ਸੀ। ਉਸਦਾ ਇਹ ਕਦਮ ਬਗਾਵਤੀ ਅੰਦੋਲਨ ਲਈ ਦਹਾਕਿਆਂ ਵਿੱਚ ਆਇਆ ਸਭ ਤੋਂ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ।

22 ਫਰਵਰੀ 2026 ਨੂੰ ਦੇਵੂਜੀ ਦੇ ਨਾਲ ਆਤਮ ਸਮਰਪਣ ਕਰਨ ਵਾਲਿਆਂ ਵਿੱਚ ਕੇਂਦਰੀ ਕਮੇਟੀ ਮੈਂਬਰ ਮੱਲਾ ਰਾਜ਼ੀ ਰੈੱਡੀ ਉਰਫ਼ ਸੰਗਰਾਮ, ਤੇਲੰਗਾਣਾ ਸੂਬਾ ਕਮੇਟੀ ਦੇ ਸਕੱਤਰ ਬਡੇ ਚੋਕਾ ਰਾਓ ਉਰਫ਼ ਦਾਮੋਦਰ ਅਤੇ ਸੂਬਾ ਕਮੇਟੀ ਮੈਂਬਰ ਨੂਨੇ ਨਰਸਿੰਮਹਾ ਰੈੱਡੀ ਉਰਫ਼ ਗੰਗਨਾ ਵਰਗੇ ਅਹਿਮ ਚਿਹਰੇ ਸ਼ਾਮਲ ਸਨ। ਇਹ ਸਭ ਦਹਾਕਿਆਂ ਤੱਕ ਰੂਪੋਸ਼ ਰਹੇ ਅਤੇ ਲੱਖਾਂ ਰੁਪਏ ਦੇ ਇਨਾਮੀ ਸਨ। ਇਨ੍ਹਾਂ ਦੇ ਸਰੰਡਰ ਨੇ ਮਾਓਵਾਦੀ ਸੰਗਠਨ ਦੇ ਅੰਦਰੂਨੀ ਢਾਂਚੇ ਨੂੰ ਹਿਲਾ ਕੇ ਰੱਖ ਦਿੱਤਾ ਹੈ।

ਪਿਛਲੇ ਡੇਢ ਸਾਲ ਵਿੱਚ ਛੱਤੀਸਗੜ੍ਹ ਵਿੱਚ 450 ਤੋਂ ਵੱਧ ਮਾਓਵਾਦੀਆਂ ਦੇ ਮਾਰੇ ਜਾਣ, ਸੈਂਕੜਿਆਂ ਦੀ ਗ੍ਰਿਫ਼ਤਾਰੀ ਅਤੇ ਕਈਆਂ ਦੇ ਆਤਮ ਸਮਰਪਣ ਦੇ ਦਾਅਵੇ ਕੀਤੇ ਗਏ। ਮਈ 2025 ਵਿੱਚ ਛੱਤੀਸਗੜ੍ਹ ਦੇ ਨਾਰਾਇਣਪੁਰ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਦੌਰਾਨ ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ , ਫੌਜੀ ਯੋਜਨਾਬੰਦੀ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੀਆਂ ਕਾਰਵਾਈਆਂ ਵਿੱਚ ਕੇਂਦਰੀ ਭੂਮਿਕਾ ਨਿਭਾਉਣ ਵਾਲੇ ਨੰਬਾਲਾ ਕੇਸ਼ਵ ਰਾਓ ਉਰਫ਼ ਬਸਵਰਾਜੂ ਨੂੰ ਮਾਰ ਗਿਰਾਏ ਜਾਣ ਨਾਲ “ਨਕਸਲਵਾਦ ਦੇ ਖ਼ਾਤਮੇ ਵੱਲ ਇਤਿਹਾਸਕ ਕਦਮ” ਦੀ ਚਰਚਾ ਛਿੜੀ। ਉਸ ’ਤੇ ਡੇਢ ਕਰੋੜ ਦਾ ਇਨਾਮ ਸੀ ਅਤੇ ਉਹ ਗੁਰੀਲਾ ਰਣਨੀਤੀਆਂ ਨੂੰ ਆਧੁਨਿਕ ਰੂਪ ਦੇਣ ਵਿੱਚ ਕੇਂਦਰੀ ਚਿਹਰਾ ਮੰਨਿਆ ਜਾਂਦਾ ਸੀ।

ਦੇਵੂਜੀ ਨੇ ਬਸਵਰਾਜੂ ਤੋਂ ਬਾਅਦ ਨੇਤ੍ਰਿਤਵ ਸੰਭਾਲਿਆ ਸੀ। ਦੇਵੂਜੀ ਵਰਗੇ ਉੱਚ ਦਰਜੇ ਦੇ ਨੇਤਾ ਦਾ ਆਤਮ ਸਮਰਪਣ ਅਸਧਾਰਣ ਹੈ ਅਤੇ ਇਹ ਦਰਸਾਉਂਦਾ ਹੈ ਕਿ ਸੀਨੀਅਰ ਨੇਤ੍ਰਿਤਵ ਬਸਤਰ, ਅਬੂਝਮੜ੍ਹ ਅਤੇ ਸਰਹੱਦੀ ਜੰਗਲਾਤੀ ਖੇਤਰਾਂ ਵਿੱਚ ਚੱਲ ਰਹੀਆਂ ਸਾਂਝੀਆਂ ਕਾਰਵਾਈਆਂ ਨੇ ਮਾਓਵਾਦੀ ਕੈਡਰ ਦੀ ਭਰਤੀ, ਸਪਲਾਈ ਅਤੇ ਹਥਿਆਰ ਸੰਭਾਲਣ ਦੀ ਸਮਰੱਥਾ ’ਤੇ ਗਹਿਰਾ ਅਸਰ ਪਾਇਆ ਹੈ। ਕਰੇਗੁੱਟਾ ਪਹਾੜੀਆਂ ਵਿੱਚ ਚੱਲੀ ਮੁਹਿੰਮ ਤੋਂ ਬਾਅਦ ਦੇਵੂਜੀ ਦਾ ਸਰੰਡਰ ਇਸ ਗੱਲ ਦਾ ਸਬੂਤ ਹੈ ਕਿ ਗੁਰੀਲਾ ਜੰਗ ਦੀ ਜਗ੍ਹਾ ਹੁਣ ਸਿਮਟ ਰਹੀ ਹੈ।

ਚੋਟੀ ਦੇ ਮਾਓਵਾਦੀ ਆਗੂਆਂ ਉੱਤੇ ਜੋ ਕਾਠੀ ਪਈ ਹੈ, ਇਹ ਕੋਈ ਸਹਿਜ ਵਰਤਾਰਾ ਨਹੀਂ। ਇਸ ਦੇ ਪਿੱਛੇ ਸਰਕਾਰ ਦੀ ਸਖਤ ਮਿਹਨਤ ਅਤੇ ਰਣਨੀਤੀ ਕੰਮ ਕਰ ਰਹੀ ਹੈ। ਸਰਕਾਰ ਜਾਣਦੀ ਹੈ ਕਿ ਜੇ ਕੋਈ ਕਾਨੂੰਨ ਅਤੇ ਵਿਵਸਥਾ ਨੂੰ ਹੱਥ ਵਿੱਚ ਲੈਂਦਾ ਹੈ ਤਾਂ ਸੰਵਿਧਾਨ ਅਤੇ ਆਮ ਲੋਕਾਂ ਦੀ ਰੱਖਿਆ ਕਰਨਾ ਰਾਜ ਦੀ ਜ਼ਿੰਮੇਵਾਰੀ ਹੈ।

ਭਾਰਤ ਸਰਕਾਰ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਦੀ ਰਣਨੀਤੀ ਦਾ ਕੇਂਦਰੀ ਮੰਤਵ ਖ਼ੂਨ-ਖਰਾਬਾ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਅਤੇ ਸੰਵਿਧਾਨਕ ਪ੍ਰਬੰਧ ਦੀ ਪੂਰੀ ਬਹਾਲੀ ਸੀ। ਅਕਤੂਬਰ 2025 ਵਿੱਚ ਗ੍ਰਿਹ ਮੰਤਰੀ ਵੱਲੋਂ 31 ਮਾਰਚ 2026 ਤੱਕ ਮਾਓਵਾਦ ਦੇ ਮੁਕੰਮਲ ਖ਼ਾਤਮੇ ਦਾ ਲਿਆ ਗਿਆ ਸੰਕਲਪ ਸਿਰਫ਼ ਇੱਕ ਰਾਜਨੀਤਿਕ ਐਲਾਨ ਨਹੀਂ ਸੀ, ਬਲਕਿ ਇਹ ਰਾਜ ਦੀ ਦ੍ਰਿੜ ਇੱਛਾ-ਸ਼ਕਤੀ ਦਾ ਸਪਸ਼ਟ ਪ੍ਰਗਟਾਵਾ ਸੀ। ਇਸ ਦੇ ਨਾਲ ਹੀ ਉਨ੍ਹਾਂ ਨੇ ਆਤਮ ਸਮਰਪਣ ਦੀ ਨੀਤੀ ਨੂੰ ਕੇਂਦਰ ਵਿੱਚ ਰੱਖਦਿਆਂ ਇੱਕ ਸੰਤੁਲਿਤ ਦੋਹਰੀ ਰਣਨੀਤੀ ਅਪਣਾਈ ਇੱਕ ਪਾਸੇ ਸਖ਼ਤ ਸੁਰੱਖਿਆ ਕਾਰਵਾਈ ਅਤੇ ਦੂਜੇ ਪਾਸੇ ਆਤਮ ਸਮਰਪਣ ਅਤੇ ਸਨਮਾਨਜਨਕ ਮੁੜ ਵਸੇਬੇ ਦਾ ਰਾਹ।

ਇਹ ਉਨ੍ਹਾਂ ਦੀ ਰਾਜਸੀ ਦ੍ਰਿੜਤਾ ਦਾ ਪ੍ਰਮਾਣ ਸੀ ਕਿ ਮਾਓਵਾਦੀਆਂ ਨਾਲ ਗੱਲਬਾਤ ਜਾਂ ਸੀਜ਼ਫ਼ਾਇਰ ਦੀ ਸੰਭਾਵਨਾ ਨੂੰ ਸਪਸ਼ਟ ਤੌਰ ’ਤੇ ਰੱਦ ਕਰ ਦਿੱਤਾ ਗਿਆ।

ਸੰਦੇਸ਼ ਬਿਲਕੁਲ ਸਾਫ਼ ਸੀ ਜੇ ਹਥਿਆਰ ਛੱਡੋਗੇ ਤਾਂ ਸੁਰੱਖਿਆ, ਸਨਮਾਨ ਅਤੇ ਪੁਨਰਵਾਸ ਮਿਲੇਗਾ; ਜੇ ਗੋਲੀ ਚਲਾਓਗੇ ਤਾਂ ਕਾਨੂੰਨ ਆਪਣਾ ਜਵਾਬ ਦੇਵੇਗਾ। ਇਸ ਅਲਟੀਮੇਟਮ ਨੇ ਮਾਓਵਾਦੀ ਸੰਗਠਨਾਂ ਦੇ ਅੰਦਰ ਗਹਿਰੀ ਅੰਦਰੂਨੀ ਉਥਲ-ਪੁਥਲ ਪੈਦਾ ਕੀਤੀ। ਹਥਿਆਰਬੰਦ ਸੰਘਰਸ਼ ਦੀ ਵਕਾਲਤ ਕਰਨ ਵਾਲੇ ਧੜਿਆਂ ਦੇ ਅੰਦਰ ਵੀ ਵਿਚਾਰਧਾਰਕ ਦਰਾਰਾਂ ਸਾਹਮਣੇ ਆਈਆਂ। ਕੁਝ ਸੀਨੀਅਰ ਆਗੂਆਂ ਜਿਨਾਂ ਵਿੱਚ ਸੀਨੀਅਰ ਪੋਲਟ ਬਿਊਰੋ ਮੈਂਬਰ ਮਲੋਜੁਲਾ ਵੇਣੂ ਗੋਪਾਲ ਰਾਓ ਉਰਫ ਸੋਨੂ ਵਰਗਿਆਂ ਵੱਲੋਂ ਅਕਤੂਬਰ ਵਿੱਚ ਸ਼ਾਂਤੀ ਦੀ ਵਕਾਲਤ ਕਰਦਿਆਂ ਆਤਮ ਸਮਰਪਣ ਦਾ ਰਾਹ ਚੁਣਨਾ ਇਸ ਗੱਲ ਦਾ ਸੰਕੇਤ ਸੀ ਕਿ ਜ਼ਮੀਨੀ ਹਕੀਕਤ ਬਦਲ ਰਹੀ ਸੀ।

ਨਕਸਲਵਾਦ ਅਤੇ ਮਾਓਵਾਦ ਦੇ ਵਿਨਾਸ਼ਕਾਰੀ ਢਾਂਚੇ ਨੂੰ ਜੜ੍ਹੋਂ ਉਖਾੜਣ ਲਈ ਕੇਂਦਰ ਸਰਕਾਰ ਨੇ ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਤਹਿਤ ਵਿਸਥਾਰਪੂਰਵਕ ਰੋਡਮੈਪ ਤਿਆਰ ਕੀਤਾ। ਇਹ ਸਿਰਫ਼ ਸੁਰੱਖਿਆ ਕਾਰਵਾਈ ਤੱਕ ਸੀਮਿਤ ਨਹੀਂ ਸੀ; ਇਸ ਵਿੱਚ ਆਰਥਿਕ, ਸਮਾਜਿਕ ਅਤੇ ਮਨੋਵਿਗਿਆਨਕ ਪੱਖਾਂ ਨੂੰ ਵੀ ਸ਼ਾਮਲ ਕੀਤਾ ਗਿਆ। ਪੁਨਰਵਾਸ ਨੀਤੀ ਨੂੰ ਆਕਰਸ਼ਕ ਅਤੇ ਵਿਵਹਾਰਕ ਬਣਾਇਆ ਗਿਆ ਤਾਂ ਜੋ ਹਥਿਆਰ ਛੱਡਣ ਵਾਲਿਆਂ ਨੂੰ ਮੁੱਖਧਾਰਾ ਵਿੱਚ ਸਨਮਾਨ ਨਾਲ ਜੀਵਨ ਬਤੀਤ ਕਰਨ ਦਾ ਮੌਕਾ ਮਿਲ ਸਕੇ।

ਝਾਰਖੰਡ, ਛੱਤੀਸਗੜ੍ਹ, ਤੇਲੰਗਾਣਾ, ਉੜੀਸਾ ਅਤੇ ਬਿਹਾਰ ਵਰਗੇ ਪ੍ਰਭਾਵਿਤ ਰਾਜਾਂ ਨੂੰ ਕੇਂਦਰ ਵੱਲੋਂ ਪੂਰਾ ਸਹਿਯੋਗ ਅਤੇ ਲਚਕਤਾ ਦਿੱਤੀ ਗਈ। ਸੁਰੱਖਿਆ ਨੀਤੀ ਨੂੰ ਵਿਕਾਸ ਦੇ ਐਜੰਡੇ ਨਾਲ ਜੋੜਿਆ ਗਿਆ। ਮਜ਼ਬੂਤ ਕਾਰਵਾਈ ਰਾਹੀਂ ਮਾਓਵਾਦੀ ਨੈਟਵਰਕ ਨੂੰ ਤੋੜਿਆ ਗਿਆ, ਉਨ੍ਹਾਂ ਦੀ ਫੰਡਿੰਗ ਚੈਨਲਾਂ ’ਤੇ ਵਾਰ ਕੀਤਾ ਗਿਆ ਅਤੇ ਸੰਚਾਰ ਤੰਤਰ ਨੂੰ ਕਮਜ਼ੋਰ ਕੀਤਾ ਗਿਆ। ਇਸਦੇ ਨਾਲ-ਨਾਲ ਆਤਮ ਸਮਰਪਣ ਨੀਤੀ ਨੇ ਹਥਿਆਰਬੰਦ ਬਗਾਵਤ ਦੀ ਰੀੜ੍ਹ ਦੀ ਹੱਡੀ ਨੂੰ ਹੌਲੀ-ਹੌਲੀ ਢੀਲਾ ਕਰ ਦਿੱਤਾ।

ਲੋਕਾਂ ਦਾ ਵਿਸ਼ਵਾਸ ਜਿੱਤਣਾ ਇਸ ਲੜਾਈ ਦਾ ਸਭ ਤੋਂ ਮਹੱਤਵਪੂਰਨ ਪੱਖ ਸੀ। ਪ੍ਰਭਾਵਿਤ ਖੇਤਰਾਂ ਵਿੱਚ ਸਥਾਨਕ ਸਭਿਆਚਾਰ ਅਤੇ ਆਦਿਵਾਸੀ ਮਾਨਤਾਵਾਂ ਨੂੰ ਸੰਭਾਲਦੇ ਹੋਏ ਵਿਕਾਸ ਦਾ ਮਾਡਲ ਅਪਣਾਇਆ ਗਿਆ। ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਅਧੀਨ ਸੁਰੱਖਿਆ ਦੇ ਨਾਲ ਵਿਕਾਸ ਨੂੰ ਜੋੜਿਆ ਗਿਆ। ਪਿਛਲੇ ਦਹਾਕੇ ਵਿੱਚ ਛੱਤੀਸਗੜ੍ਹ ਸਮੇਤ ਕਈ ਖੇਤਰਾਂ ਵਿੱਚ ਵੱਡੇ ਪੱਧਰ ’ਤੇ ਨਿਵੇਸ਼ ਕਰਕੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਗਿਆ। ਘਰਾਂ ਦੀ ਨਿਰਮਾਣ ਯੋਜਨਾ, ਸੜਕਾਂ ਦਾ ਜਾਲ, ਬਿਜਲੀ, ਪਾਣੀ, ਰਸੋਈ ਗੈਸ ਅਤੇ ਮੋਬਾਈਲ ਕਨੈਕਟਿਵਿਟੀ ਇਹ ਸਭ ਮਿਲ ਕੇ ਉਸ ਖਾਲੀਪਣ ਨੂੰ ਭਰ ਰਹੇ ਹਨ ਜਿਸਦਾ ਫਾਇਦਾ ਮਾਓਵਾਦੀ ਲਹਿਰ ਲੈਂਦੀ ਸੀ। ਸਿੱਖਿਆ ਅਤੇ ਸਿਹਤ ਸੇਵਾਵਾਂ ਦਾ ਵਿਸਥਾਰ ਅਤੇ ਰੁਜ਼ਗਾਰ ਯੋਜਨਾਵਾਂ ਨੇ ਨਵੀਂ ਪੀੜ੍ਹੀ ਨੂੰ ਬੰਦੂਕ ਦੀ ਥਾਂ ਕਿਤਾਬ ਅਤੇ ਕੌਸ਼ਲ ਵੱਲ ਮੋੜਿਆ ਹੈ।

ਬਸਤਰ ਵਰਗੇ ਖੇਤਰ, ਜੋ ਕਦੇ ਸਿਰਫ਼ ਗੋਲੀਬਾਰੀ ਅਤੇ ਘਾਤ ਲਗਾ ਕੇ ਕੀਤੀਆਂ ਕਾਰਵਾਈਆਂ ਲਈ ਜਾਣੇ ਜਾਂਦੇ ਸਨ, ਅੱਜ ਵਿਕਾਸ ਪ੍ਰੋਜੈਕਟਾਂ ਦੀ ਚਰਚਾ ਵਿੱਚ ਆ ਰਹੇ ਹਨ। ਆਦਿਵਾਸੀਆਂ ਤੋਂ ਵਾਜਿਬ ਮੁੱਲ ’ਤੇ ਫਸਲ ਖਰੀਦ, ਸਿੰਚਾਈ ਯੋਜਨਾਵਾਂ ਦਾ ਵਿਸਥਾਰ ਅਤੇ ਸੈਰ-ਸਪਾਟਾ ਉਦਯੋਗ ਨੂੰ ਉਤਸ਼ਾਹਿਤ ਕਰਨਾ ਇਹ ਸਭ ਉਸ ਮਨੋਵਿਗਿਆਨਕ ਜੰਗ ਦਾ ਹਿੱਸਾ ਸੀ ਜਿਸ ਵਿੱਚ ਰਾਜ ਨੇ ਲੋਕਾਂ ਨੂੰ ਇਹ ਯਕੀਨ ਦਵਾਇਆ ਕਿ ਵਿਕਾਸ ਹੀ ਸੱਚਾ ਵਿਕਲਪ ਹੈ।

ਖ਼ਾਸ ਤੌਰ ’ਤੇ ਮਾਓਵਾਦੀ ਲਹਿਰ ਵਿੱਚ ਫਸੀਆਂ ਨੌਜਵਾਨ ਕਬਾਇਲੀ ਲੜਕੀਆਂ ਦੇ ਮੁੜ ਵਸੇਬੇ ਨੂੰ ਪ੍ਰਾਥਮਿਕਤਾ ਦਿੱਤੀ ਗਈ। ਸਿੱਖਿਆ, ਸਿਹਤ ਅਤੇ ਰੁਜ਼ਗਾਰ ਮੁਖੀ ਯੋਜਨਾਵਾਂ ਰਾਹੀਂ ਉਨ੍ਹਾਂ ਨੂੰ ਇੱਕ ਨਵਾਂ ਜੀਵਨ ਦੇਣ ਦੀ ਕੋਸ਼ਿਸ਼ ਕੀਤੀ ਗਈ। ਅੱਜ ਹਾਲਾਤ ਇਹ ਹਨ ਕਿ ਕਈ ਪਰਿਵਾਰ ਆਪਣੇ ਬੱਚਿਆਂ ਨੂੰ ਹਥਿਆਰ ਛੱਡਣ ਅਤੇ ਘਰ ਵਾਪਸੀ ਲਈ ਮਨਾਉਂਦੇ ਨਜ਼ਰ ਆ ਰਹੇ ਹਨ।

ਦੂਜੇ ਪਾਸੇ, ਮਿੱਥੇ ਸਮੇਂ ਤੱਕ ਮਾਓਵਾਦ ਦਾ ਖੁਰਾ-ਖੋਜ ਮਿਟਾਉਣ ਦੇ ਸੰਕਲਪ ’ਤੇ ਅਮਲ ਕਰਦਿਆਂ ਸੁਰੱਖਿਆ ਬਲਾਂ ਨੇ ਜੰਗਲਾਂ ਅਤੇ ਪਹਾੜੀਆਂ ਵਿੱਚ ਗਹਿਰੀ ਖੋਜ ਮੁਹਿੰਮਾਂ ਚਲਾਈਆਂ। ਸਥਾਨਕ ਲੋਕਾਂ ਦਾ ਸਹਿਯੋਗ ਇਸ ਵਿੱਚ ਨਿਰਣਾਇਕ ਸਾਬਤ ਹੋਇਆ। ਇਹ ਸਿਰਫ਼ ਫੌਜੀ ਕਾਰਵਾਈ ਨਹੀਂ ਸੀ; ਇਹ ਰਾਜ ਅਤੇ ਸਮਾਜ ਦੀ ਸਾਂਝੀ ਲੜਾਈ ਸੀ।

ਕਾਂਗਰਸ ਦੇ ਰਾਜ ਦੌਰਾਨ ਸ਼ਹਿਰੀ ਨਕਸਲੀਆਂ ਦਾ ਇੱਕ ਵਾਤਾਵਰਣ ਤੰਤਰ ਮੌਜੂਦ ਸੀ ਜੋ ਮਾਓਵਾਦੀ ਹਿੰਸਾ ਨੂੰ ਵਿਚਾਰਧਾਰਕ ਜਾਮਾ ਪਹਿਨਾ ਕੇ ਉਸਦੀ ਨਿੰਦਾ ਨੂੰ ਕਮਜ਼ੋਰ ਕਰਦਾ ਰਿਹਾ। ਮਾਓਵਾਦੀ ਅੱਤਵਾਦ ਦੇ ਪੀੜਤਾਂ ਦੀਆਂ ਕਹਾਣੀਆਂ ਕਦੇ ਮੁੱਖ ਧਾਰਾ ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਬਣ ਸਕੀਆਂ। ਹਜ਼ਾਰਾਂ ਪਰਿਵਾਰ, ਜਿਨ੍ਹਾਂ ਦੇ ਮੈਂਬਰਾਂ ਨੇ ਆਪਣੀਆਂ ਲੱਤਾਂ, ਹੱਥ ਜਾਂ ਅੱਖਾਂ ਗੁਆਈਆਂ, ਅਕਸਰ ਅਦ੍ਰਿਸ਼ ਰਹੇ। ਪਿਛਲੇ ਪੰਜ ਦਹਾਕਿਆਂ ਵਿੱਚ ਮਾਓਵਾਦੀ ਅੱਤਵਾਦ ਨੇ ਹਜ਼ਾਰਾਂ ਜਾਨਾਂ ਲੈ ਲਈਆਂ ਸੁਰੱਖਿਆ ਕਰਮਚਾਰੀ, ਪੇਂਡੂ ਲੋਕ, ਆਦਿਵਾਸੀ ਭਰਾ-ਭੈਣ ਕਈਆਂ ਦੀ ਕੁਰਬਾਨੀ ਇਸ ਕਾਲਖ ਭਰੇ ਅਧਿਆਇ ਦੀ ਗਵਾਹ ਹੈ।

ਇੱਕ ਸਮਾਂ ਸੀ ਜਦੋਂ ਦੇਸ਼ ਦਾ ਇੱਕ-ਤਿਹਾਈ ਹਿੱਸਾ ਨਕਸਲਵਾਦ ਦੇ ਪ੍ਰਭਾਵ ਹੇਠ ਸੀ। ਸੰਵਿਧਾਨ ਕਾਗਜ਼ਾਂ ’ਤੇ ਸੀ, ਪਰ ਲਾਲ ਗਲਿਆਰੇ ਵਿੱਚ ਉਸਦੀ ਹਾਜ਼ਰੀ ਮਹਿਸੂਸ ਨਹੀਂ ਹੁੰਦੀ ਸੀ। ਚੁਣੀਆਂ ਹੋਈਆਂ ਸਰਕਾਰਾਂ ਦੀ ਜਾਇਜ਼ਤਾ ਨੂੰ ਚੁਣੌਤੀ ਮਿਲਦੀ ਸੀ। ਸ਼ਾਮ ਤੋਂ ਬਾਅਦ ਘਰੋਂ ਬਾਹਰ ਨਿਕਲਣਾ ਡਰ ਦਾ ਕਾਰਨ ਬਣ ਜਾਂਦਾ ਸੀ।

ਅੱਜ ਹਾਲਾਤ ਬਦਲ ਰਹੇ ਹਨ। ਮਾਓਵਾਦ ਦੀ ਵਿਚਾਰਧਾਰਾ ਨੂੰ ਲੋਕਾਂ ਨੇ ਨਕਾਰ ਦਿੱਤਾ ਹੈ। ਸੰਦੇਸ਼ ਸਾਫ਼ ਹੈ ਭਾਰਤ ਵਿੱਚ ਸੱਤਾ ਬੰਦੂਕ ਦੀ ਗੋਲੀ ਨਾਲ ਨਹੀਂ, ਵੋਟ ਦੀ ਤਾਕਤ ਨਾਲ ਤੈਅ ਹੁੰਦੀ ਹੈ। ਲੋਕਤੰਤਰ ਹੀ ਉਹ ਮੰਚ ਹੈ ਜਿੱਥੇ ਅਸਲ ਬਦਲਾਅ ਸੰਭਵ ਹੈ। ਮਾਓਵਾਦ ਕਦੇ ਵੀ ਵਿਕਾਸ ਦਾ ਪ੍ਰਤੀਕ ਨਹੀਂ ਹੋ ਸਕਦਾ; ਇਹ ਹਿੰਸਾ ਅਤੇ ਤਾਨਾਸ਼ਾਹੀ ਦੀ ਸੋਚ ਦਾ ਪ੍ਰਤੀਕ ਹੈ।

ਅੱਜ ਲਾਲ ਗਲਿਆਰੇ ਦੀ ਕਹਾਣੀ ਆਪਣੇ ਆਖਰੀ ਅਧਿਆਇ ਵੱਲ ਵਧ ਰਹੀ ਹੈ। ਜਿਹੜੇ ਖੇਤਰ ਕਦੇ ਹਿੰਸਾ ਨਾਲ ਪਰਿਭਾਸ਼ਿਤ ਹੁੰਦੇ ਸਨ, ਉਹ ਹੁਣ ਵਿਕਾਸ ਅਤੇ ਆਸ ਨਾਲ ਜਾਣੇ ਜਾ ਰਹੇ ਹਨ। ਲਾਲ ਸੂਰਜ ਡੁੱਬਣ ਦੀ ਇਹ ਉਪਮਾ ਸਿਰਫ਼ ਪ੍ਰਤੀਕ ਨਹੀਂ ਇਹ ਇੱਕ ਅੰਤ ਦੀ ਘੋਸ਼ਣਾ ਹੈ। ਹੁਣ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਨਕਸਲਵਾਦ ਤੋਂ ਪੂਰੀ ਤਰ੍ਹਾਂ ਮੁਕਤ ਹੋਵੇਗਾ ਅਤੇ ਜਿਨ੍ਹਾਂ ਜੰਗਲਾਂ ਵਿੱਚ ਕਦੇ ਗੋਲੀਆਂ ਦੀ ਗੂੰਜ ਹੁੰਦੀ ਸੀ, ਉੱਥੇ ਵਿਕਾਸ ਅਤੇ ਸ਼ਾਂਤੀ ਦੀ ਆਵਾਜ਼ ਸੁਣਾਈ ਦੇਵੇਗੀ।



ਪ੍ਰੋ: ਸਰਚਾਂਦ ਸਿੰਘ ਖਿਆਲਾ
97813-55522

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


TAKE CONTROL
OF YOUR HEALTH
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336


Sanjha Punjab USA
With the support of NRIs
Presents
Sh. Vaneet Dhir
Mayor
Jalandhar
S. Balwinder Bajwa
CEO Sanjha Punjab USA
Padma Shri Hans Raj Hans
Guest or Honor
Mohamad Sadik
Guest or Honor
Shamsher Sandhu
Guest or Honor
Jasbir Jassi
Guest or Honor
Karamjit Anmol
Aman Rozi
Sarbjit Cheema
Rupinder Handa
Harjit Harman
Bunty Qawal
SATURDAY
07
MARCH
2026
ਸਾਂਝਾ ਪੰਜਾਬ
ਸੱਭਿਆਚਾਰਕ ਮੇਲਾ
Venue
DUSSEHRA GROUND
Basti Bawa Khel
Jalandhar
(Punjab)
Special Thanks to our Supporter and Sponsors
Sukhvinder Singh Ghumman (UK)
Jasvir Kumar Atthi Manila
Tajinder Singh Dulay Bc, Canada
Jony Saini USA
Adv Amit Singh Sandha Councillor
Gurwinder Singh Sandhu (SP)
Late Balbir Atthi (Manila)
Steven Kumar (Manila)
Rajinder Atthi (Manila)
Dheeraj Atthi (Manila)
Surjit Singh
Harkirat Singh Ghuman
Jatinder Singh Dubb
Lakhvir Singh Bajwa
Gurjit Singh Ghuman (Councillor)
Baldev Singh Mathi
Kamaldeep Gumber
Principal Gurdip Singh Takhar
Paramjit Singh veghal
Mr Balwinder
Lamberdaar Ramesh Binta
Raj Kumar
Jaswinder Singh
Late Harbhajan Singh Takhar
Paramjit Singh Coach
Rakesh Sharma Cable Producer
Sukhjit Singh Virk
Gurpreet Singh Pannu
Bitta chauhan (Manila)
Kuldeep Singh
Jasbir Singh
Late Shri Darshan Lal ji chohan
Karamjit Singh Dubb
Sewa Ram
Deepa Chauhan Manila
Jathedar Rajinder Singh, Nagra
Dr subhash Chander
Pinky Badesha
Satwant Kaur
Mela Volunteers
SANJHA ਪੰਜਾਬ
ਸਾਂਝਾ ਪੰਜਾਬ TV
'ਤੇ ਮੇਲੇ ਦੀ
ਲਾਈਵ ਕਵਰੇਜ
ਦਿਖਾਈ ਜਾਵੇਗੀ
P4
P4 POWER FITNESS UNISEX GYM
99153-48446
99146-10745
Sh. Mohinder Bhagat
Cabinet Minister, AAP
S. Charanjit Channi
Member Parliament
S. Sushil Rinku
Ex MP
S. Sarabjit Makkar
Ex MLA
S. Babbu Neelkanth
Sr. Congress Leader
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
+91 62801-84672 (India) | +1 (516) 852-2222 (USA)
www.sanjhapunjabusa.us | sanjhapunjabusa@gmail.com




# ਸਮੂਹ ਪੰਥ ਨੂੰ 'ਹੋਲੇ ਮਹੱਲੇ' ਦੀਆਂ ਲੱਖ ਲੱਖ ਵਧਾਈਆਂ।

ਸਭ ਤੋਂ ਸ਼ਕਤੀਸ਼ਾਲੀ ਤੇ ਆਧਿਆਤਮਿਕ ਤੌਰ 'ਤੇ ਜੀਵੰਤ ਸਿੱਖ ਤਿਉਹਾਰਾਂ ਵਿੱਚੋਂ ਇੱਕ 'ਹੋਲਾ ਮਹੱਲਾ' ਸਿੱਖ ਗੁਰਦਵਾਰਾ ਸੈਨ ਹੋਜ਼ੇ ਵਿਖੇ ਬੜੀ ਹੀ ਸ਼ਰਧਾ ਤੇ ਜੰਗਜੂ ਮਾਣ ਨਾਲ **22 ਮਾਰਚ 2026 (ਦਿਨ ਐਤਵਾਰ) ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ** ਮਨਾਇਆ ਜਾ ਰਿਹਾ ਹੈ।

## ਇਲਾਕੇ ਦੀਆਂ ਸਮੂਹ ਸਿੱਖ ਸੰਗਤਾਂ ਇਸ ਸਮਾਗਮ 'ਚ ਕਰਨਗੀਆਂ ਸ਼ਿਰਕਤ।




ਦਿਖਾਏ ਜਾਣਗੇ ਗਤਕੇ ਦੇ ਜੌਹਰ।





ਇਸ ਮੌਕੇ ਘੋੜਸਵਾਰੀ, ਬਾਸਕਟਬਾਲ ਤੇ ਵਾਲੀਬਾਲ ਮੈਚ, ਬੱਚਿਆਂ ਤੇ ਵੱਡਿਆਂ ਦੀਆਂ ਦੌੜਾਂ ਅਤੇ ਨਾਲ ਹੀ ਵੱਖ-ਵੱਖ ਸੁਆਦਿਸ਼ਟ ਪਕਵਾਨਾਂ ਦੀਆਂ ਸਟਾਲਾਂ ਜਿਸ 'ਚ ਗੰਨੇ ਦਾ ਰਸ ਅਤੇ ਭੁੰਨੀਆਂ ਛੱਲੀਆਂ ਵੀ ਹੋਣਗੀਆਂ।



**Evergreen Valley High School 'ਚ ਗੱਡੀਆਂ ਦੀ ਪਾਰਕਿੰਗ ਉਪਲਬਧ**
ਸੰਗਤਾਂ ਲਈ ਗੁਰਦਵਾਰਾ ਸਾਹਿਬ ਤੱਕ ਸਾਰਾ ਦਿਨ ਸ਼ਟਲ ਸੇਵਾ ਰਹੇਗੀ ਉਪਲਬਧ



**ਇਲਾਕੇ ਵਿੱਚ ਵਸਦੇ ਹਰ ਸਿੱਖ ਨੂੰ ਅਪੀਲ ਹੈ ਕਿ ਉਹ ਗੁਰੂ ਸਾਹਿਬ ਦੀਆਂ ਖੁਸ਼ੀਆਂ ਦਾ ਹਿੱਸਾ ਬਣਨ।**

**ADDRESS :**

3636 Gurdwara Avenue, San Jose
California 95148, AMERICA

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:**

ਜਨਰਲ ਪੁੱਛਗਿੱਛ: ਸੁਖਦੇਵ ਸਿੰਘ ਬੈਣੀਵਾਲ – (408) 421-9463 | ਬੂਥਾਂ ਲਈ: ਖੁਸ਼ਵਿੰਦਰਪਾਲ ਸਿੰਘ – (408) 507-1290
ਲੰਗਰ ਸੇਵਾ ਲਈ: ਹਰਜਿੰਦਰ ਸਿੰਘ ਲੱਧੜ – (408) 904-9158 | ਬਾਸਕਟਬਾਲ ਲਈ: ਸਤਿੰਦਰ ਸਿੰਘ ਮੱਘਰ – (408) 307-6179
ਵਾਲੀਬਾਲ ਲਈ: ਹਰਜਿੰਦਰ ਸਿੰਘ – (669) 649-0049 | ਹੋਰ ਕਿਸੇ ਵੀ ਜਾਣਕਾਰੀ ਲਈ: ਗੁਰਦੁਆਰਾ ਸਾਹਿਬ – (408) 274-9373

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

**147 NRI ਪਰਵਿਾਰਾਂ ਦਾ ਭਰੋਸਾ - Realty Unplugged**

ਸਾਡੇ ਸਫਲਤਾ ਦੇ ਕੱਿਸੇ:

**2017 ਗੁੜਗਾਂਵ:** 7 ਸਾਲਾਂ ਵੱਿਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵੱਿਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵੱਿਚ 58% ਵਾਧਾ

ਆਪਣੇ ਭਵੱਿਖ ਨੂੰ ਸੁਰੱਖਅਿਤ ਕਰੋ - ਅੱਜ ਹੀ!
Call : +91 73038-88722
Subhiney Chabra : +91 97802-06080

Let's Start!

ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।
ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਟੈਕਸਾਸ 'ਚ ਈਰਾਨ ਹਮਲੇ ਦੇ ਵਿਰੋਧ 'ਚ ਗੋਲੀਬਾਰੀ ਭਾਰਤੀ ਵਿਦਿਆਰਥਣ ਸਮੇਤ 4 ਦੀ ਹੱਤਿਆ,14 ਜ਼ਖਮੀ

ਟੈਕਸਾਸ
ਸਾਂਝੀ ਸੋਚ ਬਿਊਰੋ

ਟੈਕਸਾਸ ‘ਚ ਈਰਾਨੀ ਚਿੰਨ੍ਹ ਪਹਿਨੇ ਇੱਕ ਵਿਅਕਤੀ ਨੇ ਯੁੱਧ ਦੇ ਜਵਾਬ ‘ਚ ਗੋਲੀਬਾਰੀ ਕੀਤੀ। ਅਮਰੀਕਾ ਦੇ ਆਸਟਿਨ ਸ਼ਹਿਰ ‘ਚ ਇੱਕ ਬਾਰ ਦੇ ਬਾਹਰ ਹੋਈ ਗੋਲੀਬਾਰੀ ‘ਚ 4 ਜਣੇ ਮਾਰੇ ਗਏ, ਜਿਨ੍ਹਾਂ ‘ਚ 21 ਸਾਲਾ ਭਾਰਤੀ-ਅਮਰੀਕੀ ਵਿਦਿਆਰਥਣ ਵੀ ਸ਼ਾਮਲ ਹੈ। ਇਸ ਘਟਨਾ ਦੀ ਜਾਂਚ ਸੰਭਾਵੀ ਅੱਤਵਾਦੀ ਹਮਲੇ ਵਜੋਂ ਕੀਤੀ ਜਾ ਰਹੀ ਹੈ। ਆਸਟਿਨ ‘ਚ ਰਹਿੰਦੀ ਅਤੇ ਟੈਕਸਾਸ ਯੂਨੀਵਰਸਿਟੀ ‘ਚ ਪੜ੍ਹ ਰਹੀ ਵਿਦਿਆਰਥਣ ਸਵਿਤਾ ਸ਼ਾਨ ਬੀਤੇ ਐਤਵਾਰ ਵੈਸਟ ਸਿਕਸਥ ਸਟ੍ਰੀਟ ਦੇ ਭੀੜ-ਭੜੱਕੇ ਵਾਲੇ ਇਲਾਕੇ ‘ਚ ਹਮਲਾਵਾਰ ਵੱਲੋਂ ਕੀਤੀ ਗਈ ਅੰਨ੍ਹੇਵਾਹ ਗੋਲੀਬਾਰੀ ‘ਚ ਮਾਰੀ ਗਈ। ਸਵਿਤਾ ਗ੍ਰੈਜੂਏਸ਼ਨ ਕਰ ਰਹੀ ਸੀ।



ਯੂਨੀਵਰਸਿਟੀ ਅਧਿਕਾਰੀਆਂ ਨੇ ਉਸ ਨੂੰ ਮੈਨੇਜਮੈਂਟ ਸੂਚਨਾ ਪ੍ਰਣਾਲੀ ਅਤੇ ਅਰਥ ਸ਼ਾਸਤਰ ਦੀ ਬਿਹਤਰੀਨ ਵਿਦਿਆਰਥਣ ਦੱਸਿਆ ਸੀ। ਐੱਫ.ਬੀ.ਆਈ. ਦੀ ਸਾਂਝੀ ਅੱਤਵਾਦੀ ਟਾਸਕ ਫੋਰਸ ਦੀ ਅਗਵਾਈ ਹੇਠ ਫੈਡਰਲ ਅਥਾਰਿਟੀ ਘਟਨਾ ਦੀ ਜਾਂਚ ਕਰ ਰਹੀ ਹੈ। ਹਮਲੇ ਦਾ ਸ਼ੱਕੀ 53 ਸਾਲਾ ਡਿਆਗਾ ਡਿਆਗਨੇ, ਸੈਨੇਗਲ ਮੂਲ ਦਾ ਅਮਰੀਕੀ ਨਾਗਰਿਕ ਸੀ, ਜੋ ਪੁਲਿਸ ਕਾਰਵਾਈ ‘ਚ ਘਟਨਾ ਸਥਾਨ ‘ਤੇ ਮਾਰਿਆ ਗਿਆ। ਉਸ ਨੇ ਈਰਾਨੀ ਝੰਡੇ ਅਤੇ ”ਅੱਲ੍ਹਾ ਦੀ ਜਾਇਦਾਦ” ਸ਼ਬਦਾਂ ਵਾਲੀ ਟੀ-ਸ਼ਰਟ ਪਾਈ ਹੋਈ ਸੀ। ਗੋਲੀਬਾਰੀ ‘ਚ 14 ਜਣੇ ਜ਼ਖ਼ਮੀ ਵੀ ਹੋਏ, ਜਿਨ੍ਹਾਂ ‘ਚ ਜ਼ਿਆਦਾਤਰ ਵਿਦਿਆਰਥੀ ਸਨ।ਆਸਟਿਨ ਦੀ ਪੁਲਿਸ ਮੁਖੀ ਲਿਜ਼ਾ ਡੇਵਿਸ ਨੇ ਪ੍ਰੈੱਸ ਵਾਰਤਾ ‘ਚ ਘਟਨਾ ਸਥਾਨ ‘ਤੇ ਮਾਰੇ ਗਏ ਦੋ ਜਣਿਆਂ ਦੀ ਪਛਾਣ ਰਾਈਡਰ ਹੈਰਿੰਗਟਨ (19) ਅਤੇ ਸ਼ਾਨ ਵਜੋਂ ਕੀਤੀ ਹੈ। ਇਸ ਘਟਨਾ ਮਗਰੋਂ ਟੈਕਸਸ ‘ਚ ਭਾਰਤੀ-ਅਮਰੀਕੀ ਭਾਈਚਾਰਾ ਸੋਗ ‘ਚ ਹੈ। ਇਸ ਹੱਤਿਆ ਨੇ ਆਸਟਿਨ ਦੇ ਵੱਡੇ ਭਾਰਤੀ ਪ੍ਰਵਾਸੀ ਭਾਈਚਾਰੇ, ਖਾਸ ਤੌਰ ‘ਤੇ ਵਿਦਿਆਰਥਣਾਂ ਤੇ ‘ਸਿਲੀਕਾਨ ਹਿੱਲਜ਼’ ਖਿੱਤੇ ‘ਚ ਕੰਮ ਕਰਦੇ ਤਕਨੀਕੀ ਪੇਸ਼ੇਵਰਾਂ ਨੂੰ ਹਿਲਾ ਦਿੱਤਾ ਹੈ। ਟੈਕਸਸ ਯੂਨੀਵਰਸਿਟੀ ਦੇ ਬੁਲਾਰੇ ਨੇ ਪੁਸ਼ਟੀ ਕੀਤੀ ਕਿ ਸ਼ਾਨ ਦਾ ਉਪਨਾਂ ਸ਼ਣਮੁਗਸੁੰਦਰਮ ਸੀ।ਅਮਰੀਕਾ ਅਤੇ ਇਜ਼ਰਾਈਲ ਵੱਲੋਂ ਸ਼ਨੀਵਾਰ ਨੂੰ ਈਰਾਨ ‘ਤੇ ਬੰਬਾਰੀ ਸ਼ੁਰੂ ਕਰਨ ਤੋਂ ਬਾਅਦ ਅੱਤਵਾਦ ਦੇ ਡਰ ਕਾਰਨ ਪੂਰੇ ਅਮਰੀਕਾ ਵਿਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਹਾਈ ਅਲਰਟ ‘ਤੇ ਰੱਖਿਆ ਗਿਆ ਹੈ। ਐੱਫਬੀਆਈ ਡਾਇਰੈਕਟਰ ਕਾਸ਼ ਪਟੇਲ ਨੇ ਐਕਸ ‘ਤੇ ਲਿਖਿਆ ਕਿ ਉਨ੍ਹਾਂ ਨੇ ਅੱਤਵਾਦ ਵਿਰੋਧੀ ਅਤੇ ਖੁਫੀਆ ਟੀਮਾਂ ਨੂੰ ਹਾਈ ਅਲਰਟ ‘ਤੇ ਰਹਿਣ ਦੇ ਨਿਰਦੇਸ਼ ਦਿੱਤੇ ਹਨ।

# ਵਿਵਾਦਾਂ ਨਾਲ ਰਿਹਾ ਪੁਰਾਣਾ ਨਾਤਾ! ਜਾਣੋ ਕੌਣ ਸੀ ਨੈਂਸੀ ਗਰੇਵਾਲ? ਸੋਸ਼ਲ ਮੀਡੀਆ ਇਨਫਲੂਐਂਸਰ ਦਾ ਕੈਨੇਡਾ 'ਚ ਬੇਰਹਿਮੀ ਨਾਲ ਕਤਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਸੋਸ਼ਲ ਮੀਡੀਆ ਇਨਫਲੂਐਂਸਰ ਨੈਂਸੀ ਗਰੇਵਾਲ ਦਾ ਹਮਲਾਵਰ ਨੇ ਘਰ ’ਚ ਵੜ ਕੇ ਚਾਕੂ ਮਾਰ ਕੇ ਕਤਲ ਕਰ ਦਿੱਤਾ ਤੇ ਇਸ ਦੀ ਪੁਸ਼ਟੀ ਲਾਸਾਲੇ ਪੁਲਿਸ ਦੇ ਵੱਲੋਂ ਕੀਤੀ ਗਈ ਹੈ ਪਰ ਇਹ ਹੋਇਆ ਕਿਉ? ਇਸ ਬਾਰੇ ਪੁਲਿਸ ਦਾ ਕੋਈ ਵੀ ਬਿਆਨ ਸਾਹਮਣੇ ਨਹੀਂ ਆਇਆ ਹਾਲਾਂਕਿ ਪੁਲਿਸ ਵੱਲੋਂ ਬੜੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਸੀਸੀਟੀਵੀ ਫੁਟੇਜ ਇਕੱਠੀ ਕੀਤੀ ਜਾ ਰਹੀ ਹੈ ਤੇ ਲੋਕਾਂ ਤੋਂ ਵੀ ਸਹਿਯੋਗ ਮੰਗਿਆ ਜਾ ਰਿਹਾ ਹੈ

ਕੌਣ ਸੀ ਨੈਂਸੀ ਗਰੇਵਾਲ?

ਨੈਂਸੀ ਗਰੇਵਾਲ ਸੋਸ਼ਲ ਮੀਡੀਆ ਪਲੇਟਫਾਰਮਾਂ ‘ਤੇ ਕਾਫੀ ਸਰਗਰਮ ਸੀ ਅਤੇ ਉਹ ਸਿੱਖ ਸਿਆਸਤ, ਵੱਡੇ ਸਿਆਸੀ ਆਗੂਆਂ ਅਤੇ ਖਾਸ ਕਰਕੇ ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਵਿਰੁੱਧ ਆਪਣੀਆਂ ਤਿੱਖੀਆਂ ਤੇ ਵਿਵਾਦਪੂਰਨ ਟਿੱਪਣੀਆਂ ਲਈ ਜਾਣੀ ਜਾਂਦੀ ਸੀ। ਉਸ ਦੀਆਂ ਵੀਡੀਓਜ਼ ਅਕਸਰ ਸੋਸ਼ਲ ਮੀਡੀਆ ‘ਤੇ ਵਾਇਰਲ ਹੁੰਦੀਆਂ ਸਨ, ਜਿਸ ਕਾਰਨ ਉਹ ਕਈ ਵਾਰ ਲੋਕਾਂ ਦੇ ਵਿਰੋਧ ਦਾ ਸਾਹਮਣਾ ਵੀ ਕਰਦੀ ਸੀ।ਇਸੇ ਤਰਾਂ ਕੁੱਝ ਮਹੀਨੇ ਪਹਿਲਾਂ ਪੰਜਾਬ ਦੇ ਵਿਚ ਇਕ ਇਨਫਲੂਐਂਸਰ ਕਮਲ ਕੌਰ ਨੂੰ ਵੀ ਖਤਮ ਕਰ ਦਿੱਤਾ ਗਿਆ ਸੀ ਕਿਉਂਕ ਉਸ ਦੇ ਵੱਲੋਂ ਵੀ ਘਟੀਆ ਮਿਆਰ ਦੀਆਂ ਵੀਡੀਓਜ ਪਾਈਆਂ ਜਾਂਦੀਆਂ ਸਨ।ਪੁਲਿਸ ਵੱਲੋਂ ਮਿਲੀ ਜਾਣਕਾਰੀ ਮੁਤਾਬਿਕ ਲਾਸੇਲ ਵਿਚ ਇਕ 45 ਸਾਲਾ ਪੰਜਾਬੀ ਮੂਲ ਦੀ ਮਹਿਲਾ ਯੂਟਿਊਬਰ ਵਜੋਂ ਜਾਣੀ ਜਾਂਦੀ ਵਿੰਡਸਰ ਨਿਵਾਸੀ ਨੈਂਸੀ ਗਰੇਵਾਲ ’ਤੇ ਮੰਗਲਵਾਰ ਰਾਤ ਨੂੰ ਹਮਲਾ ਕੀਤਾ ਗਿਆ ਸੀ।

ਲਾਸੇਲ ਪੁਲਿਸ ਦੇ ਅਨੁਸਾਰ ਅਧਿਕਾਰੀਆਂ ਅਤੇ ਪੈਰਾਮੈਡਿਕਸ ਨੂੰ ਟੌਡ ਲੇਨ ਦੇ 2400 ਬਲਾਕ ਵਿਚ ਰਾਤ 9:30 ਵਜੇ ਤੋਂ ਥੋੜ੍ਹੀ ਦੇਰ ਪਹਿਲਾਂ ਚਾਕੂ ਮਾਰਨ ਦੀ ਖ਼ਬਰ ਮਿਲੀ ਤੇ ਜਦੋਂ ਉਹ ਮੌਕੇ ’ਤੇ ਪਹੁੰਚੇ ਤਾਂ ਉਨ੍ਹਾਂ ਨੇ ਗਰੇਵਾਲ ਨੂੰ ਗੰਭੀਰ ਚਾਕੂ ਦੇ ਜ਼ਖ਼ਮਾਂ ਨਾਲ ਪੀੜਤ ਪਾਇਆ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਉਸ ਨੂੰ ਐਸੈਕਸ-ਵਿੰਡਸਰ ਐਮਰਜੈਂਸੀ ਮੈਡੀਕਲ ਹਸਪਤਾਲ ਲਿਜਾਇਆ ਗਿਆ ਸੀ, ਪਰ ਬਾਅਦ ਵਿਚ ਉਸ ਦੀ ਮੌਤ ਹੋ ਗਈ। ਬੁੱਧਵਾਰ ਸ਼ਾਮ ਨੂੰ ਸੋਸ਼ਲ ਮੀਡੀਆ ’ਤੇ ਪੋਸਟ ਕੀਤੇ ਇਕ ਬਿਆਨ ਵਿਚ ਪੁਲਿਸ ਨੇ ਪੀੜਤ ਦੇ ਪਰਿਵਾਰ ਅਤੇ ਦੋਸਤਾਂ ਪ੍ਰਤੀ ਆਪਣੀ ਹਮਦਰਦੀ ਪ੍ਰਗਟ ਕੀਤੀ।ਬਿਆਨ ’ਚ ਪੁਲਿਸ ਨੇ ਕਿਹਾ ਕਿ ਲਾਸੇਲ ਪੁਲਿਸ ਸੇਵਾ ਗਰੇਵਾਲ ਦੇ ਪਰਿਵਾਰ ਅਤੇ ਦੋਸਤਾਂ ਪ੍ਰਤੀ ਆਪਣੀ ਡੂੰਘੀ ਹਮਦਰਦੀ ਪ੍ਰਗਟ ਕਰਦੀ ਹੈ। ਹਾਲਾਂਕਿ ਪੁਲਿਸ ਨੇ ਅਜੇ ਤੱਕ ਪੁਸ਼ਟੀ ਨਹੀਂ ਕੀਤੀ ਹੈ ਕਿ ਕਿਸੇ ਸ਼ੱਕੀ ਨੂੰ ਹਿਰਾਸਤ ਵਿਚ ਲਿਆ ਗਿਆ ਹੈ ਜਾਂ ਨਹੀਂ।

ਬੁੱਧਵਾਰ ਸਵੇਰੇ ਜਾਂਚਕਰਤਾਵਾਂ ਨੇ ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਕੈਨੇਡਾ ਸਟਰੀਟ ਅਤੇ ਬਿਸ਼ਪ ਸਟਰੀਟ ਦੇ ਵਿਚਕਾਰ ਟੌਡ ਲੇਨ ‘ਤੇ ਦੋ ਘਰਾਂ ਨੂੰ ਘੇਰ ਲਿਆ। ਇੱਕ ਘਰ ਦੇ ਮੁੱਖ ਦਰਵਾਜ਼ੇ ਵੱਲ ਜਾਣ ਵਾਲੇ ਕੰਕਰੀਟ ਵਾਕਵੇਅ ਅਤੇ ਪੌੜੀਆਂ ‘ਤੇ ਕਈ ਸਬੂਤ ਮਾਰਕਰ ਕੀਤੇ ਗਏ।ਪੁਲੀਸ ਇਸ ਕਤਲ ਕੇਸ ਬਾਰੇ ਜਾਣਕਾਰੀ ਰੱਖਣ ਵਾਲੇ ਕਿਸੇ ਵੀ ਵਿਅਕਤੀ ਨੂੰ ਡਿਟੈਕਟਿਵ ਸਾਰਜੈਂਟ ਜੇਮੀ ਨੇਸਟਰ ਨਾਲ 519-969-5210 ਐਕਸਟੈਂਸ਼ਨ 2531 ‘ਤੇ ਸੰਪਰਕ ਕਰਨ ਲਈ ਕਹਿ ਰਹੀ ਹੈ। ਜਾਂਚਕਰਤਾ ਨੇੜੇ ਰਹਿਣ ਵਾਲੇ ਕਿਸੇ ਵੀ ਵਿਅਕਤੀ ਤੋਂ ਵੀਡੀਓ ਨਿਗਰਾਨੀ (ਸੀਸੀਟੀਵੀ) ਦੀ ਮੰਗ ਵੀ ਕਰ ਰਹੇ ਹਨ।



# ਕੈਨੇਡਾ 'ਚ ਦੋ ਪੰਜਾਬੀ ਨੌਜਵਾਨਾਂ ਦੀ ਸੜਕ ਹਾਦਸੇ 'ਚ ਮੌਤ

ਬ੍ਰਿਟਿਸ਼ ਕੋਲੰਬੀਆ
ਸਾਂਝੀ ਸੋਚ ਬਿਊਰੋ

ਰੋਜ਼ੀ ਰੋਟੀ ਤੇ ਪਰਿਵਾਰ ਦੇ ਚੰਗੇ ਭਵਿੱਖ ਲਈ ਕੈਨੇਡਾ ਗਏ ਤਰਨ ਤਾਰਨ ਦੇ ਦੋ ਨੌਜਵਾਨਾਂ ਦੀ ਸੜਕ ਹਾਦਸੇ ਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਮ੍ਰਿਤਕ ਨੌਜਵਾਨਾਂ ਦੀ ਪਛਾਣ ਤਲਵਿੰਦਰ ਸਿੰਘ ਅਤੇ ਜਜ਼ਬੀਰ ਸਿੰਘ ਵੱਜੋਂ ਹੋਈ ਹੈ। ਜੋ ਕਿ ਤਰਨ ਤਾਰਨ ਜ਼ਿਲ੍ਹੇ ਦੇ ਪਿੰਡਾਂ ਮਾੜੀ ਗੌੜ ਸਿੰਘ ਤੇ ਅੱਲੋਵਾਲ ਦੇ ਰਹਿਣ ਵਾਲੇ ਸਨ। ਦੱਸ ਦਈਏ ਕਿ ਬੀਤੇ ਕੱਲ੍ਹ ਬ੍ਰਿਟਿਸ ਕਲੰਬੀਆ ਦੇ ਹਾਈਵੇ 97 ਅਲਾਸਕਾ ਹਾਈਵੇ, ਫੋਰਟ ਨੈਲਸ਼ਨ ਸ਼ਹਿਰ ਨੇੜੇ ਹੋਏ ਇਕ ਭਿਆਨਕ ਟਰੱਕ ਹਾਦਸੇ ਵਿਚ ਇਨ੍ਹਾਂ ਦੋਨਾਂ ਨੌਜਵਾਨਾਂ ਦੀ ਮੌਕੇ ਤੇ ਹੀ ਮੌਤ ਹੋ ਗਈ। ਹਾਦਸੇ ਦੀ ਖ਼ਬਰ ਮਿਲਣ ਤੋਂ ਬਾਅਦ ਮ੍ਰਿਤਕ ਨੌਜਵਾਨਾਂ ਦੇ ਪਰਿਵਾਰਾਂ ਚ ਸੋਗ ਦੀ ਲਹਿਰ ਹੈ। ਪਰਿਵਾਰ ਵੱਲੋਂ ਮ੍ਰਿਤਕ ਨੌਜਵਾਨਾਂ ਦੇ ਮ੍ਰਿਤਕ ਸਰੀਰਾਂ ਨੂੰ ਪੰਜਾਬ ਵਾਪਸ ਲਿਆਉਣ ਦੀ ਮੰਗ ਕੀਤੀ ਜਾ ਰਹੀ ਹੈ।



Space available for Ad
Contact # +1 (209) 303-1260

# ਫੌਜੀ ਟਕਰਾਅ ਨਾਲ ਕੋਈ ਵੀ ਮੁੱਦਾ ਹੱਲ ਨਹੀਂ ਹੋ ਸਕਦਾ: ਨਰਿੰਦਰ ਮੋਦੀ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਪੱਛਮੀ ਏਸ਼ੀਆ ਵਿੱਚ ਛਿੜੀ ਜੰਗ ਕਾਰਨ ਤੇਜ਼ੀ ਨਾਲ ਵਿਗੜ ਰਹੇ ਹਾਲਾਤਾਂ ਅਤੇ ਈਰਾਨ ‘ਤੇ ਇਜ਼ਰਾਈਲ-ਅਮਰੀਕਾ ਦੇ ਲਗਾਤਾਰ ਹਮਲਿਆਂ ਦਰਮਿਆਨ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਸ਼ਵ ਪੱਧਰ ‘ਤੇ ਸ਼ਾਂਤੀ ਦਾ ਪੈਗ਼ਾਮ ਦਿੱਤਾ ਹੈ। ਪ੍ਰਧਾਨ ਮੰਤਰੀ ਨੇ ਸਾਫ਼ ਕਿਹਾ ਹੈ ਕਿ ਫੌਜੀ ਤਾਕਤ ਰਾਹੀਂ ਮਸਲੇ ਸੁਲਝਾਉਣ ਦੀ ਕੋਸ਼ਿਸ਼ ਮਨੁੱਖਤਾ ਲਈ ਹਮੇਸ਼ਾ ਹੀ ਘਾਤਕ ਸਾਬਤ ਹੋਈ ਹੈ।ਪ੍ਰਧਾਨ ਮੰਤਰੀ ਮੋਦੀ ਨੇ ਅੰਤਰਰਾਸ਼ਟਰੀ ਮੰਚਾਂ ਰਾਹੀਂ ਸੰਦੇਸ਼ ਦਿੱਤਾ ਕਿ ਇਤਿਹਾਸ ਗਵਾਹ ਹੈ ਕਿ ਜੰਗਾਂ ਨੇ ਕਦੇ ਵੀ ਕਿਸੇ ਮੁਸ਼ਕਲ ਦਾ ਪੱਕਾ ਹੱਲ ਨਹੀਂ ਦਿੱਤਾ, ਸਗੋਂ ਸਿਰਫ਼ ਤਬਾਹੀ ਹੀ ਲਿਆਂਦੀ ਹੈ। ਉਨ੍ਹਾਂ ਨੇ ਸਾਰੀਆਂ ਧਿਰਾਂ ਨੂੰ ਤੁਰੰਤ ਜੰਗਬੰਦੀ ਵੱਲ ਵਧਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਚਿੰਤਾ ਪ੍ਰਗਟਾਈ ਕਿ ਹਾਰਮੁਜ਼ ਦੀ ਖਾੜੀ ਵਿੱਚ ਤਣਾਅ ਕਾਰਨ ਤੇਲ ਦੀਆਂ ਕੀਮਤਾਂ 120 ਡਾਲਰ ਪ੍ਰਤੀ ਬੈਰਲ ਨੂੰ ਪਾਰ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਇਹ ਜੰਗ ਲੰਬੀ ਖਿੱਚੀ ਗਈ, ਤਾਂ ਦੁਨੀਆ ਭਰ ਵਿੱਚ ਮਹਿੰਗਾਈ ਦਾ ਅਜਿਹਾ ਤੂਫ਼ਾਨ ਆਵੇਗਾ ਜਿਸ ਨੂੰ ਕੰਟਰੋਲ ਕਰਨਾ ਮੁਸ਼ਕਲ ਹੋ ਜਾਵੇਗਾ। ਇਸ ਦਾ ਸਭ ਤੋਂ ਵੱਧ ਅਸਰ ਗਰੀਬ ਅਤੇ ਵਿਕਾਸਸ਼ੀਲ ਦੇਸ਼ਾਂ ‘ਤੇ ਪਵੇਗਾ। ਜੰਗ ਦੀ ਸਥਿਤੀ ਦੌਰਾਨ ਪ੍ਰਧਾਨ ਮੰਤਰੀ ਨੇ ਵਿਦੇਸ਼ ਮੰਤਰਾਲੇ ਅਤੇ ਰੱਖਿਆ ਮੰਤਰਾਲੇ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਹੈ ਤੇ ਖਾੜੀ ਦੇਸ਼ਾਂ ਵਿੱਚ ਰਹਿੰਦੇ ਲਗਭਗ 90 ਲੱਖ ਭਾਰਤੀਆਂ ਦੀ ਸੁਰੱਖਿਅਤ ਘਰ ਵਾਪਸੀ ਬਾਰੇ ਚਰਚਾ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜੇ ਲੋੜ ਪਈ ਤਾਂ ਭਾਰਤ ‘ਆਪ੍ਰੇਸ਼ਨ ਗੰਗਾ’ ਜਾਂ ‘ਵੰਦੇ ਭਾਰਤ’ ਦੀ ਤਰਜ਼ ‘ਤੇ ਇੱਕ ਵੱਡੀ ਰੈਸਕਿਊ ਆਪਰੇਸ਼ਨ ਚਲਾਉਣ ਲਈ ਵੀ ਤਿਆਰ ਹੈ।ਇਕ ਪਾਸੇ ਜਿੱਥੇ ਇਸ ਸਮੇਂ ਪੂਰੀ ਦੁਨੀਆ ਜੰਗ ਕਾਰਨ ਤੇਲ ਦੀ ਕਿੱਲਤ ਨਾਲ ਜੂਝ ਰਹੀ ਹੈ, ਉੱਥੇ ਹੀ ਭਾਰਤ ਨੇ ਆਪਣੀ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੂਸ ਨਾਲ ਇਕ ਤੇਲ ਸਮਝੌਤਾ ਕੀਤਾ ਹੈ।

ਭਾਰਤ ਦੀ ਇਹ ਕੂਟਨੀਤੀ ਦਰਸਾਉਂਦੀ ਹੈ ਕਿ ਦੇਸ਼ ਆਪਣੇ ਹਿੱਤਾਂ ਦੀ ਰਾਖੀ ਕਰਦੇ ਹੋਏ ਵਿਸ਼ਵ ਸ਼ਾਂਤੀ ਲਈ ਵੀ ਵਚਨਬੱਧ ਹੈ। ਪ੍ਰਧਾਨ ਮੰਤਰੀ ਮੋਦੀ ਦਾ ਇਹ ਬਿਆਨ ਵਿਸ਼ਵ ਪੱਧਰ ‘ਤੇ ਇੱਕ ‘ਸ਼ਾਂਤੀ ਦੂਤ’ ਵਜੋਂ ਭਾਰਤ ਦੀ ਭੂਮਿਕਾ ਨੂੰ ਮਜ਼ਬੂਤ ਕਰਦਾ ਹੈ। ਪੂਰੀ ਦੁਨੀਆ ਦੀਆਂ ਨਜ਼ਰਾਂ ਹੁਣ ਭਾਰਤ ‘ਤੇ ਹਨ ਕਿ ਕੀ ਉਹ ਅਮਰੀਕਾ ਅਤੇ ਈਰਾਨ ਵਿਚਾਲੇ ਵਿਚੋਲਗੀ ਕਰ ਕੇ ਇਸ ਜੰਗ ਨੂੰ ਰੁਕਵਾ ਸਕਦਾ ਹੈ।

APCA
AMERICAN PETROLEUM AND CONVENIENCE STORE ASSOCIATION

INVITES YOU
GOLF TOURNAMENT 2026
APRIL 8, 2026
CHARDONNAY GOLF CLUB
NAPA COUNTY, CA 94503

SUPPORTING NON-PROFIT
Children's Miracle Network Hospitals
Change Kids' Health. Change the Future.





Followed by APCA's 12th Annual Trade Show

APCA is a non-profit grassroots, membership based community organization providing representation for small to medium sized enterprises.







Thursday
April 9, 2026
12:30 pm - 5:30 pm

Sunrise Banquet Hall & Events
620 Orange Drive
Vacaville, CA 95687

To register please
click link below.

Register

www.apca.us

For more information please contact: kewal@apca.us

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

# To honor the legacy and vision of

# First Founder of Pacific Coast Khalsa Diwan Society Stockton Ca 1912

# ਮਹਾਨ ਗੁਰਮਤਿ ਸਮਾਗਮ



ਸੰਤ ਤੇਜਾ ਸਿੰਘ ਜੀ

**March 13, 14 & 15**



ਸੰਤ ਅਤਰ ਸਿੰਘ
ਮਸਤੂਆਣਾ( ਸੰਗਰੂਰ)

**ਗਦਰੀ ਬਾਬਿਆਂ ਦੇ ਇਤਿਹਾਸਕ ਅਸਥਾਨ, ਗੁਰਦੁਆਰਾ ਸਾਹਿਬ ਸਟਾਕਟਨ ਦੇ ਸੰਸਥਾਪਕ ਸੰਤ ਤੇਜਾ ਸਿੰਘ ਜੀ ਅਤੇ ਅਤੇ ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲੇ ਦੀ ਨਿੱਘੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ 13 ,14 ਅਤੇ 15 ਨੂੰ ਗੁਰਦੁਆਰਾ ਸਾਹਿਬ ਸਟਾਕਟਨ ਵਿਖੇ ਹੋਵੇਗਾ ਜੀ। ਆ ਜੀ ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹੁੰਮ-ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ। ਐਤਵਾਰ 15 ਮਾਰਚ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਕਥਾ ਕੀਰਤਨ ਦੇ ਦੀਵਾਨ ਸਜਾਏ ਜਾਣਗੇ।**

**ਸਮੂਹ ਸੰਗਰੂਰ ਇਲਾਕੇ ਦੀਆਂ ਸੰਗਤਾਂ ਨੂੰ ਪਹੁੰਚਣ ਦੀ ਪੁਰਜ਼ੋਰ ਬੇਨਤੀ ਹੈ ਜੀ।**

ਬੇਨਤੀ ਕਰਤਾ: ਪ੍ਰਬੰਧਕ ਕਮੇਟੀ ਗੁਰਦੁਆਰਾ
ਸਾਹਿਬ ਸਟਾਕਟਨ ਅਤੇ ਸਮੁੱਚੀ ਸੰਗਤ
ਸੰਗਰੂਰ ਇਲਾਕਾ

ਵਧੇਰੇ ਜਾਣਕਾਰੀ ਲਈ
ਗਿਆਨੀ ਗੁਰਸੇਵਕ ਸਿੰਘ ਜੀ, ਹੈੱਡ ਗ੍ਰੰਥੀ
ਗੁਰਦੁਆਰਾ ਸਾਹਿਬ ਸਟਾਕਟਨ
+1 (209) 328-9321


APCA
American Petroleum and Convenience Store Association
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register


PROPANE
Coca-Cola
APCA
American Petroleum and Convenience Store Association
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register

# ਸਪੀਕਰ ਵੱਲੋਂ ਮਾਪਿਆਂ ਨੂੰ ਆਪਣੇ ਬੱਚਿਆਂ ਦੁਆਰਾ ਮੋਬਾਈਲ ਫੋਨ ਦੀ ਵਰਤੋਂ ਨੂੰ ਸੀਮਤ ਕਰਨ ਦੀ ਅਪੀਲ

**ਚੰਡੀਗੜ੍ਹ
ਸਾਂਝੀ ਸੋਚ ਬਿਊਰੋ**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਜਿੰਨਾ ਹੋ ਸਕੇ ਆਪਣੇ ਬੱਚਿਆਂ ਤੋਂ ਮੋਬਾਈਲ ਫੋਨ ਦੂਰ ਰੱਖਣ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਮੋਬਾਈਲ ਫੋਨ ਬੱਚਿਆਂ ਦੀ ਜ਼ਿੰਦਗੀ ਦਾ ਹਿੱਸਾ ਬਣ ਗਏ ਹਨ, ਪਰ ਇਸਦੀ ਬਹੁਤ ਜ਼ਿਆਦਾ ਵਰਤੋਂ ਚਿੰਤਾ ਦਾ ਵਿਸ਼ਾ ਹੈ, ਜਿਸ ਲਈ ਸਾਨੂੰ ਬਹੁਤ ਸਾਵਧਾਨ ਰਹਿਣਾ ਅਤੇ ਬੱਚਿਆਂ 'ਤੇ ਨਜ਼ਰ ਰੱਖਣੀ ਚਾਹੀਦੀ ਹੈ ਕਿਉਂਕਿ ਮੋਬਾਈਲ ਫੋਨ ਬੱਚਿਆਂ 'ਤੇ ਨੁਕਸਾਨਦੇਹ ਪ੍ਰਭਾਵ ਪਾਉਂਦੇ ਹਨ।ਨੁਕਸਾਨਦੇਹ ਪ੍ਰਭਾਵਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮੋਬਾਈਲ ਫੋਨ ਬੱਚਿਆਂ ਦੀਆਂ ਅੱਖਾਂ ਅਤੇ ਦਿਮਾਗ 'ਤੇ ਪ੍ਰਭਾਵ ਪਾ ਰਹੇ ਹਨ। ਇਸ ਨਾਲ ਨੀਂਦ ਘੱਟ ਆਉਣਾ ਅਤੇ ਪੜ੍ਹਾਈ ਵਿੱਚ ਇਕਾਗਰਤਾ ਘਟਣ ਵਰਗੀਆਂ ਸਮੱਸਿਆਵਾਂ ਦਰਪੇਸ਼ ਆ ਰਹੀਆਂ ਹਨ। ਮੋਬਾਈਲ ਫੋਨ ਦੀ ਲੋੜ ਤੋਂ ਵੱਧ ਵਰਤੋਂ ਪਰਿਵਾਰ ਦੇ ਨਾਲ-ਨਾਲ ਆਊਟਡੋਰ ਗੇਮਾਂ ਤੋਂ ਦੂਰੀ ਦਾ ਕਾਰਨ ਵੀ ਬਣ ਰਹੀ ਹੈ, ਜਿਸਦੇ ਨਤੀਜੇ ਵਜੋਂ ਬੱਚਿਆਂ ਨੂੰ ਸਿਹਤ ਸਬੰਧੀ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ।

ਸਪੀਕਰ ਸੰਧਵਾਂ ਨੇ ਅਪੀਲ ਕਰਦਿਆਂ ਕਿਹਾ ਕਿ ਇਹ ਹਰ ਮਾਤਾ-ਪਿਤਾ ਦੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਦੇ ਸਕ੍ਰੀਨ ਟਾਈਮ ਨੂੰ ਸੀਮਤ ਕਰਕੇ ਉਨ੍ਹਾਂ ਨੂੰ ਕਿਤਾਬਾਂ, ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਆਓ ਆਪਾਂ ਮਿਲ ਕੇ ਆਪਣੇ ਬੱਚਿਆਂ ਦੇ ਸੁਰੱਖਿਅਤ ਭਵਿੱਖ ਨੂੰ ਯਕੀਨੀ ਬਣਾਈਏ।

# ਮਹਾਂਮਾਈ ਦੇ ਬੇਹਤਰੀਨ ਧਾਰਮਿਕ ਭਜਨ 'ਜੋਤ' ਦਾ ਪੋਸਟਰ ਰਿਲੀਜ਼

**ਫਰੀਦਕੋਟ
ਸ਼ਿਵਨਾਥ ਦਰਦੀ**



ਅੱਜ 'ਰਾਧਾ ਕ੍ਰਿਸ਼ਨ ਧਾਮ ਫ਼ਰੀਦਕੋਟ' ਪੰਜਾਬੀ ਸੰਗੀਤ ਦੇ ਨਾਮਵਰ ਲੋਕ ਗਾਇਕ ਜੇ.ਪੀ ਸਿੰਘ ਜੋ ਕਿਸੇ ਜਾਣ ਪਹਿਚਾਣ ਦੇ ਮੁਥਾਜ ਨਹੀ,ਓਹ ਇੱਕ ਸੰਵੇਦਨਸ਼ੀਲ ਤੇ ਸਥਾਪਿਤ ਲੋਕ ਗਾਇਕ ਹਨ। ਹੁਣ ਤੱਕ ਓਨਾਂ ਦੇ ਤਕਰੀਬਨ ਅੱਠ ਤੋ ਵੱਧ ਧਾਰਮਿਕ ਭਜਨ ਤੇ ਲੋਕ ਗੀਤ ਸੰਗੀਤ ਖੇਤਰ ਵਿੱਚ ਆਪਣੀ ਵਿਲੱਖਣ ਛਾਪ ਛੱਡ ਚੁੱਕੇ ਹਨ।ਪ੍ਰਸਿੱਧ ਕੰਪਨੀ "ਸੁਮਾਰੂ" ਤੇ ਏਨਾਂ ਦੇ ਭਜਨ 'ਮਾਂ ਦਾ ਮੰਦਰ' ਤੇ 'ਮਾਂ' ਭਜਨ ਨੂੰ ਮਹਾਂਮਾਈ ਦੇ ਭਗਤਾਂ ਵੱਲੋ ਮਣਾਂ ਮੂੰਹੀ ਪਿਆਰ ਮੁਹੱਬਤ ਮਿਲ ਰਿਹਾ ਹੈ। ਏਸੇ ਲੜੀ ਤਹਿਤ ਅੱਜ ਓਨਾਂ ਦੇ ਨਵੇ ਖੂਬਸੂਰਤ ਮਹਾਂਮਾਈ ਦੇ ਧਾਰਮਿਕ ਭਜਨ 'ਜੋਤ' ਦਾ ਪੋਸਟਰ ਸੰਗੀਤਕ ਪ੍ਰੇਮੀਆਂ ਦੀ ਹਾਜਰੀ ਵਿੱਚ ਲੋਕ ਅਰਪਣ ਕੀਤਾ ਗਿਆਂ।ਇਸ ਸਮੇ ਸੰਗੀਤ ਜਗਤ ਦੇ ਚਰਚਿਤ ਲੋਕ ਗਾਇਕ ਬਲਧੀਰ ਮਾਹਲਾ ਜੀ ਨੇ ਪ੍ਰੈੱਸ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਧਾਰਮਿਕ ਭਜਨ 'ਜੋਤ' ਮਹਾਂਮਾਈ ਦੇ ਭਗਤਾਂ ਲਈ ਖੂਬਸੂਰਤ ਇੱਕ ਤੋਹਫ਼ਾ ਹੈ। ਲੋਕ ਗਾਇਕ ਬਲਧੀਰ ਮਾਹਲਾ ਜੀ ਚੋਖੀ ਸਲਾਹੁਣਾ ਕਰਦਿਆ ਕਿਹਾ ਕਿ ਜੇ.ਪੀ ਸਿੰਘ ਇੱਕ ਵਧੀਆ ਤੇ ਮਿਲਣਸਾਰ ਮਾਣਮੱਤੀ ਸਖਸ਼ੀਅਤ ਹੈ। ਏਨਾਂ ਖੁਦ ਧਾਰਮਿਕ ਭਜਨ ਖੂਬਸੂਰਤ ਸ਼ਬਦਾਵਲੀ ਵਿੱਚ ਪਰੋਇਆਂ ਤੇ ਕੰਪੋਜ਼ ਅਤੇ ਰੂਹਾਨੀਅਤ ਨਾਲ ਗਾਇਆ। ਇਸ ਨੂੰ ਸੰਗੀਤ ਬੱਧ ਕੀਤਾ ਹੈ ਪ੍ਰਸਿੱਧ ਸੰਗੀਤਕਾਰ 'ਕਲੇਰ ਕੁਲਵੰਤ ਜੀ' ਨੇ ਅਤੇ ਇਸ ਦਾ ਫਿਲਮਾਂਕਣ ਨਾਮਵਰ ਵੀਡੀਓਗ੍ਰਾਫਰ 'ਮੁਨੀਸ਼ ਠੁਕਰਾਲ ਜੀ' ਨੇ ਬੜੇ ਸੁਚੱਜੇ ਢੰਗ ਨਾਲ ਤਿਆਰ ਕੀਤਾ। ਇਹ ਮਹਾਂਮਾਈ ਦਾ ਭਜਨ ਬਹੁਤ ਜਲਦ 'ਓ ਓ ਜੇ.ਪੀ ਪ੍ਰੋਡਕਸ਼ਨ' ਤੇ ਸੁਣਨ ਤੇ ਦੇਖਣ ਨੂੰ ਮਿਲੇਗਾ।ਸੋ ਆਪ ਸਭ ਇਸਨੂੰ ਕਮੈਂਟ ਤੇ ਲਾਈਕ ਕਰਨਾ। ਮੇਰੀਆਂ ਦੁਆਵਾਂ ਪੂਰੀ ਟੀਮ ਲਈ। ਮਹਾਂਮਾਈ ਏਨਾਂ ਦੀ ਮਿਹਨਤ ਨੂੰ ਚੋਖਾ ਬਲ ਦੇਵੇ। ਵਿਸ਼ੇਸ਼ ਧੰਨਵਾਦ ਬਲਧੀਰ ਮਾਹਲਾ, ਬੂਟਾ ਸਿੰਘ ਤੇ ਪ੍ਰਿੰਸ ਸਿੱਧੂ।ਇਸ ਮੌਕੇ ਫ਼ਰੀਦ ਅਟਵਾਲ, ਲੱਕੀ ਚਾਵਲਾ, ਗੀਤਕਾਰ ਤੇ ਗ਼ਜ਼ਲਗੋ ਮਨਜਿੰਦਰ ਗੋਹਲੀ,ਦੀਪਕ ਸ਼ਰਮਾਂ, ਕਾਮਰੇਡ ਵੀਰ ਸਿੰਘ ਕੰਮੇਆਣਾ, ਬਲਕਾਰ ਸਿੰਘ ਸਹੋਤਾ, ਲਵਲੀਨ ਚਾਵਲਾ, ਬੂਟਾ ਸਿੰਘ, ਤਜਿੰਦਰ ਸਿੰਘ, ਰਮੇਸ਼ ਗੁਪਤਾ, ਮੂਨ ਚਾਵਲਾ, ਪੱਤਰਕਾਰ ਅਲੈਗਜੈਂਡਰ ਡਿਸੂਜਾ, ਦੀਪੂ ਸਿੰਗਲਾ ਤੇ ਸ਼ਿਵਨਾਥ ਦਰਦੀ ਹਾਜਿਰ ਸਨ।

# ਸਾਹਿਤਕ ਰਸਾਲੇ ਲੇਖਕ ਅਤੇ ਪਾਠਕ ਵਿਚ ਬੱਝਵੀਂ ਸਾਂਝ ਪੈਦਾ ਕਰਦੇ ਹਨ- ਡਾ. ਕਰਮਜੀਤ ਸਿੰਘ

## 'ਹੁਣ' ਰਸਾਲੇ ਦਾ 52ਵਾਂ ਅੰਕ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਹਾਜਰੀ 'ਚ ਲੋਕ ਅਰਪਿਤ

**ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ**



ਪੰਜਾਬੀ ਦੇ ਸਾਹਿਤਕ ਰਸਾਲਿਆਂ ਵਿਚ ਮੋਹਰੀ ਰੋਲ ਅਦਾ ਕਰਨ ਵਾਲੇ ਬਹੁ ਮਿਆਰੀ ਰਸਾਲੇ 'ਹੁਣ' ਦਾ 52ਵਾਂ ਅੰਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਹਾਜ਼ਰੀ ਵਿਚ ਵਿਦਵਾਨ ਸਾਹਿਤਕਾਰਾਂ ਵਲੋਂ ਲੋਕ ਅਰਪਿਤ ਕੀਤਾ ਗਿਆ। ਜਨਵਾਦੀ ਲੇਖਕ ਸੰਘ ਵਲੋਂ ਅਯੋਜਤ ਸੰਖੇਪ ਪਰ ਅਰਥ ਭਰਪੂਰ ਇਸ ਅਦਬੀ ਮਹਿਫ਼ਲ ਵਿਚ ਬੋਲਦਿਆਂ ਡਾ. ਕਰਮਜੀਤ ਸਿੰਘ ਨੇ ਕਿਹਾ ਕਿ 'ਅਜਿਹੇ ਸਾਹਿਤਕ ਰਸਾਲੇ ਪਾਠਕ ਦੀਆਂ ਸਾਹਿਤ, ਸੁਹਜ ਤੇ ਕਲਾ ਦੀਆਂ ਲੋੜਾਂ ਪੂਰੀਆਂ ਕਰਨ ਦੇ ਨਾਲ ਨਾਲ ਜੀਵਨ ਦੀ ਡੂੰਘੀ ਤੇ ਅਰਥਪੂਰਨ ਸਮਝ ਪ੍ਰਦਾਨ ਕਰਨ ਦੇ ਜ਼ਰੀਆ ਬਣਦੇ ਹਨ।'ਡਾ. ਸਿੰਦਰਪਾਲ ਸਿੰਘ ਨੇ ਦਸਿਆ ਕਿ 'ਹੁਣ' ਵਰਗੇ ਬਹੁ-ਮਿਆਰੀ ਮੈਗਜ਼ੀਨ ਪੰਜਾਬੀ ਸਾਹਿਤ ਦੇ ਅਦਾਨ ਪ੍ਰਦਾਨ ਲਈ ਕੀਮਤੀ ਮੰਚ ਮੁੱਹਈਆ ਕਰਦੇ ਹਨ।

ਵਿਦਵਾਨ ਡਾ.ਦੀਪਕ ਮਨਮੋਹਨ ਸਿੰਘ ਨੇ ਵਧਾਈ ਦੇਂਦਿਆਂ ਕਿਹਾ ਕਿ ਮਿਆਰੀ ਸਾਹਿਤਕ ਮੈਗਜ਼ੀਨ ਕੱਢਣਾ ਅਜ ਦੇ ਸਮੇਂ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਸਹੀ ਅਰਥਾਂ ਵਿਚ ਸੇਵਾ ਕਰਨਾ ਹੈ। ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਪੁੱਜੇ 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ ਨੇ ਗੱਲ ਕਰਦਿਆਂ ਕਿਹਾ ਕਿ ਉਹਨਾਂ ਸਾਹਿਤਕ ਰਸਾਲੇ ਰਾਹੀਂ ਚੰਗੇ ਲੇਖਕਾਂ ਵੱਲੋਂ ਸਿਰਜੇ ਨਰੋਏ ਸਾਹਿਤ ਨੂੰ ਪਾਠਕਾਂ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਵਾਲੀ ਭੂਮਿਕਾ ਅਦਾ ਕਰਨੀ ਹੁੰਦੀ ਹੈ।ਇਸ ਮੌਕੇ ਡਾ.ਬਲਜਿੰਦਰ ਸਿੰਘ ਬੱਲ ਅਤੇ ਰਾਜਿੰਦਰ ਸਿੰਘ ਧੀਮਾਨ ਨੇ ਵੀ ਵਧਾਈ ਦੇਂਦਿਆਂ ਮੁੱਲਵਾਨ ਟਿਪਣੀਆਂ ਕੀਤੀਆਂ।ਮੰਚ ਸੰਚਾਲਨ ਕਰਦਿਆਂ ਦੀਪ ਦਵਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ।

# ਪੰਜਾਬੀਆਂ ਦੀ ਮੁਰੀਦ ਹੋਈ ਆਸਟ੍ਰੇਲੀਆਈ ਨਰਸ

**ਬਨੂੜ
ਸਾਂਝੀ ਸੋਚ ਬਿਊਰੋ**



ਆਸਟ੍ਰੇਲੀਆਈ ਨਰਸ ਪੰਜਾਬੀਆਂ ਦੀ ਸੇਵਾ ਤੋਂ ਇੰਨੀ ਪ੍ਰਭਾਵਿਤ ਅਤੇ ਪ੍ਰੇਰਿਤ ਹੋਈ ਕਿ ਉਹ ਆਪਣੇ ਆਪ ਨੂੰ ਪੰਜਾਬ ਦੀ ਧੀ ਹੀ ਮੰਨ ਰਹੀ ਹੈ। ਆਸਟ੍ਰੇਲੀਆਈ ਨਰਸ ਨਿਕੋਲ ਕਹਿੰਦੀ ਹੈ ਕਿ ਉਹ ਕੋਵਿਡ-19 ਮਹਾਂਮਾਰੀ ਦੌਰਾਨ ਬਜ਼ੁਰਗ ਆਸਟ੍ਰੇਲੀਅਨਾਂ ਨੂੰ ਬਚਾਉਣ ਲਈ ਆਪਣੀਆਂ ਜਾਨਾਂ ਜੋਖਮ ਵਿੱਚ ਪਾ ਕੇ ਸੇਵਾ ਕਰਨ ਲਈ ਪੰਜਾਬੀਆਂ ਦੀ ਰਿਣੀ ਰਹੇਗੀ। ਕਰੋਨਾ ਦੌਰਾਨ ਪੰਜਾਬੀਆਂ ਦੀ ਸੇਵਾ ਭਾਵਨਾ ਦੇਖ ਕੇ ਨਿਕੋਲ ਇਸ ਸਾਲ ਪੰਜਾਬੀ ਸੱਭਿਆਚਾਰ ਬਾਰੇ ਜਾਨਣ ਲਈ ਪੰਜਾਬ ਆਈ।ਉਸਨੇ ਬਾਜ਼ਾਰਾਂ ਵਿੱਚ ਖਰੀਦਦਾਰੀ ਕੀਤੀ ਅਤੇ ਇੱਕ ਪੰਜਾਬੀ ਵਿਆਹ ਵਿੱਚ ਸ਼ਾਮਲ ਹੋਈ। ਉਸਨੂੰ ਪਟਿਆਲਾ ਦੇ ਬਨੂੜ ਵਿੱਚ ਬਜ਼ੁਰਗਾਂ ਨਾਲ ਗੱਲਬਾਤ ਕੀਤੀ। ਪੰਜਾਬ ਤੋਂ ਪ੍ਰਭਾਵਿਤ ਹੋ ਕੇ, ਨਿਕੋਲ ਹੁਣ ਪੰਜਾਬੀ ਸਿੱਖ ਰਹੀ ਹੈ। ਉਸਨੇ "ਸਤਿ ਸ੍ਰੀ ਅਕਾਲ" ਤੋਂ ਬਾਅਦ "ਤੁਸੀ ਕਿੱਦਾਂ ਹੋਂ" ਕਹਿਣਾ ਸਿੱਖਿਆ ਹੈ। ਉਸਨੇ ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਦੇ ਵੀ ਦਰਸ਼ਨ ਕੀਤੇ ਅਤੇ ਕਿਹਾ ਕਿ, "ਇਹ ਸੱਚਮੁੱਚ ਹੀ ਸ਼ਾਂਤੀ ਦਾ ਸਥਾਨ ਹੈ। ਮੈਂ ਹਮੇਸ਼ਾ ਇੱਥੇ ਆਉਣਾ ਚਾਹੁੰਦੀ ਸੀ।"ਇਸ ਦੌਰਾਨ, ਨਿਕੋਲ ਨੇ ਆਸਟ੍ਰੇਲੀਆ ਵਿੱਚ ਕੰਮ ਕਰਨ ਵਾਲੀ ਇੱਕ ਪੰਜਾਬੀ ਨਰਸ ਹਰਮਨਜੀਤ 'ਤੇ ਹੋਏ ਹਮਲੇ ਦੀ ਵੀ ਸਖ਼ਤ ਨਿੰਦਾ ਕੀਤੀ। ਨਿਕੋਲ ਨੇ ਕਿਹਾ ਕਿ ਹਮਲਾਵਰਾਂ ਦੀ ਪਰਵਰਿਸ਼ ਸਹੀ ਢੰਗ ਨਾਲ ਨਹੀਂ ਹੋਈ।




ਸੁਆਦ ਜੋ ਦਿਲ ਜਿੱਤ ਲਵੇ !
'Sidhu Catering'
ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ
1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ
ਸ਼ੁੱਧ ਅਤੇ ਸੁਆਦੀ ਖਾਣਾ
ਟਿਫ਼ਨ ਸਰਵਿਸ ਉਪਲਬਧ ਹੈ
ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '
California ਵਿੱਚ ਕਿਤੇ ਵੀ ਪਾਓ Catering ਦੀ ਸੇਵਾ
'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !
ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ
ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
Where Hope Meets

IMMIGRATION OPPORTUNITIES

USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।


ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਬਲਾਕ ਸੰਮਤੀ ਜੰਡਿਆਲਾ ਗੁਰੂ ਚੇਅਰਮੈਨ ਤੇ ਵਾਇਸ ਚੇਅਰਮੈਨ ਦੀ ਸਰਬਸੰਮਤੀ ਨਾਲ ਹੋਈ ਚੋਣ

## ਅਮਰੀਕ ਸਿੰਘ ਸੋਢੀ ਚੇਅਰਮੈਨ ਅਤੇ ਰਵਿੰਦਰ ਸਿੰਘ ਵਾਈਸ ਚੇਅਰਮੈਨ ਬਣੇ

ਅੰਮ੍ਰਿਤਸਰ
ਧੈਰਿਆ ਮਹਿਰਾ

ਜੰਡਿਆਲਾ ਗੁਰੂ ਦੇ ਬੀ.ਡੀ.ਪੀ.ਓ ਦਫ਼ਤਰ ਵਿਖੇ ਅੱਜ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਨੂੰ ਚੇਅਰਮੈਨ ਅਤੇ ਰਵਿੰਦਰ ਸਿੰਘ ਨੂੰ ਵਾਈਸ ਚੇਅਰਮੈਨ ਚੁਣ ਲਿਆ ਗਿਆ। ਦੱਸਣਯੋਗ ਹੈ ਕਿ ਜੰਡਿਆਲਾ ਗੁਰੂ ਬਲਾਕ ਸੰਮਤੀ ਦੇ ਕੁਲ 25 ਮੈਂਬਰ ਸਨ ਅਤੇ ਜਿਸ ਵਿੱਚੋਂ 21 ਬਲਾਕ ਸੰਮਤੀ ਦੇ ਮੈਂਬਰ ਆਮ ਆਦਮੀ ਪਾਰਟੀ ਦੇ ਚੁਣੇ ਗਏ ਸਨ। ਇਸ ਮੌਕੇ ਕੈਬਿਨਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਬਲਾਕ ਸੰਮਤੀ ਜੰਡਿਆਲਾ ਗੁਰੂ ਦੇ ਨਵੇਂ ਚੁਣੇ ਗਏ ਚੇਅਰਮੈਨ ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਅਤੇ ਵਾਈਸ ਚੇਅਰਮੈਨ ਰਵਿੰਦਰ ਸਿੰਘ ਨੂੰ ਵਧਾਈ ਦਿੰਦੇ ਕਿਹਾ ਕਿ ਬਲਾਕ ਸੰਮਤੀ ਦੀਆਂ ਚੋਣਾਂ ਵਿਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਵੱਡਾ ਬਹੁਮੱਤ ਦਿੱਤਾ ਸੀ ਅਤੇ ਇਹ ਜਿੱਤ ਆਮ ਲੋਕਾਂ ਦੀ ਜਿੱਤ ਸੀ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਆਪਣੇ 4 ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤੀਆਂ ਸਾਰੀਆਂ ਗਾਰੰਟੀਆਂ ਨੂੰ ਪੂਰਾ ਕੀਤਾ ਹੈ। ਉਨਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਜਲਦ ਹੀ ਆਪਣੀਆਂ ਮਤਾਵਾਂ-ਭੈਣਾਂ ਨੂੰ 1000-1000 ਰੁਪਏ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਜਾ ਰਿਹਾ ਹੈ। ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮਾਨ ਸਰਕਾਰ ਸੂਬੇ ਵਿੱਚ 45 ਹਜ਼ਾਰ ਕਿਲੋਮੀਟਰ ਸੜਕਾਂ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਓਦੋਂ ਤੋਂ ਹੀ ਮਾਨ ਸਰਕਾਰ ਦੇਸ਼ ਦੇ ਮਹਾਨ ਕੌਮੀ ਨਾਇਕਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਿਥੇ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਅਤੇ ਨੌਕਰੀਆਂ ਦਾ ਪੈਸਾ ਰੱਜ ਕੇ ਲੁੱਟਿਆ, ਉਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਖੋਲ੍ਹੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 65000 ਤੋਂ ਵੱਧ ਤੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਕੈਬਿਨਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਰਾਜ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪੰਜਾਬੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮਿਲੇਗਾ। ਉਨ੍ਹਾਂ ਨਾਲ ਹੀ ਕਿਹਾ ਕਿ ਪਹਿਲਾਂ ਇਹ ਸੀਮਾ 5 ਲੱਖ ਰੁਪਏ ਸੀ, ਜਿਸ ਨੂੰ ਹੁਣ ਦੁੱਗਣਾ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਬਣਾਈ ਗਈ ਇਸ ਯੋਜਨਾ ਦਾ ਲਾਭ ਲਗਭਗ 65 ਲੱਖ ਪਰਿਵਾਰਾਂ ਨੂੰ ਮਿਲੇਗਾ। ਇਸ ਮੌਕੇ ਬਲਾਕ ਸੰਮਤੀ ਜੰਡਿਆਲਾ ਗੁਰੂ ਦੇ ਸਰਵਸੰਮਤੀ ਨਾਲ ਚੁਣੇ ਗਏ ਚੇਅਰਮੈਨ ਅਮਰੀਕ ਸਿੰਘ ਸੋਢੀ ਅਤੇ ਵਾਈਸ ਚੇਅਰਮੈਨ ਰਵਿੰਦਰ ਸਿੰਘ ਨੇ ਇਕ ਸੁਰ ਵਿਚ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜਿੰਮੇਵਾਰੀ ਸੌਂਪੀ ਹੈ ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲਕਦਮੀ ਪਿੰਡਾਂ ਦੇ ਵਿਕਾਸ ਵੱਲ ਹੋਵੇਗੀ ਅਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਕੀਤਾ ਜਾਵੇਗਾ।

# ਅਦਾਕਾਰ ਕਰਨਵੀਰ ਬੋਹਰਾ 'ਤੇ ਟੁੱਟਿਆ ਦੁੱਖਾਂ ਦਾ ਪਹਾੜ! ਪਿਤਾ ਦਾ ਹੋਇਆ ਦਿਹਾਂਤ

ਮੁੰਬਈ
ਸਾਂਝੀ ਸੋਚ ਬਿਊਰੋ



ਅਦਾਕਾਰ ਕਰਨਵੀਰ ਬੋਹਰਾ ਦੇ ਪਿਤਾ ਅਤੇ ਫ਼ਿਲਮ ਪ੍ਰੋਡਿਊਸਰ ਮਹਿੰਦਰ ਬੋਹਰਾ ਦਾ ਦਿਹਾਂਤ ਹੋ ਗਿਆ ਹੈ। ਉਨ੍ਹਾਂ ਦੇ ਦਿਹਾਂਤ ਦੀ ਜਾਣਕਾਰੀ ਬੇਟੇ ਕਰਨਵੀਰ ਨੇ ਸੋਸ਼ਲ ਮੀਡੀਆ ਰਾਹੀਂ ਦਿੱਤੀ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਪਿਤਾ ਨੂੰ ਸ਼ਰਧਾਂਜਲੀ ਦਿੰਦੇ ਹੋਏ ਇੱਕ ਭਾਵੁਕ ਪੋਸਟ ਸਾਂਝੀ ਕੀਤੀ। ਇਸ 'ਤੇ ਪ੍ਰਸ਼ੰਸਕਾਂ ਦੇ ਵੀ ਕਾਫ਼ੀ ਕਮੈਂਟਸ ਆ ਰਹੇ ਹਨ ਅਤੇ ਉਹ ਅਦਾਕਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਦਿਲਾਸਾ ਦੇ ਰਹੇ ਹਨ।ਕਰਨਵੀਰ ਨੇ ਬੁੱਧਵਾਰ ਨੂੰ ਇੰਸਟਾਗ੍ਰਾਮ 'ਤੇ ਇੱਕ ਪੋਸਟ ਸ਼ੇਅਰ ਕਰਕੇ ਆਪਣੇ ਪਿਤਾ ਨੂੰ ਯਾਦ ਕੀਤਾ। ਉਨ੍ਹਾਂ ਨੇ ਲਿਖਿਆ, "ਲਵ ਯੂ ਡੈਡ। ਮੈਨੂੰ ਤੁਸੀਂ ਬਹੁਤ ਯਾਦ ਆਓਗੇ ਜਿਸ ਨੇ ਵੀ ਆਪਣੇ ਮਾਤਾ-ਪਿਤਾ ਨੂੰ ਖੋਇਆ ਹੈ, ਉਹ ਜਾਣਦਾ ਹੈ ਕਿ ਇਹ ਦਰਦ ਕਿਹੋ ਜਿਹਾ ਹੁੰਦਾ ਹੈ, ਪਰ ਇਸ ਦੁੱਖ ਦੇ ਵਿਚਕਾਰ ਮੈਨੂੰ ਸਕੂਨ ਹੈ ਕਿ ਤੁਸੀਂ ਇੱਕ ਚੰਗੀ ਅਤੇ ਭਰਪੂਰ ਜ਼ਿੰਦਗੀ ਜੀਅ ਹੈ।"ਉਨ੍ਹਾਂ ਨੇ ਅੱਗੇ ਲਿਖਿਆ, "ਤੁਸੀਂ ਹਮੇਸ਼ਾ ਕਹਿੰਦੇ ਸੀ ਕਿ ਤੁਸੀਂ ਇਸ ਦੁਨੀਆ ਤੋਂ ਸ਼ਾਂਤੀ ਨਾਲ ਜਾਣਾ ਚਾਹੁੰਦੇ ਹੋ ਅਤੇ ਬਿਨਾਂ ਕਿਸੇ ਤਕਲੀਫ਼ ਦੇ। ਅਜਿਹਾ ਹੀ ਹੋਇਆ।" ਉਨ੍ਹਾਂ ਨੇ ਕਿਹਾ, "ਤੁਸੀਂ ਮੈਨੂੰ ਅਤੇ ਦੀਦੀ ਨੂੰ ਸਿਖਾਇਆ ਕਿ ਹਾਲਾਤ ਕਿੰਨੇ ਵੀ ਮੁਸ਼ਕਲ ਹੋਣ, ਉਮੀਦ ਨਹੀਂ ਛੱਡਣੀ ਚਾਹੀਦੀ। ਜੇਕਰ ਡਿੱਗੋ ਤਾਂ ਦੁਬਾਰਾ ਖੜ੍ਹੇ ਹੋਣਾ ਚਾਹੀਦਾ ਹੈ। ਜ਼ਿੰਦਗੀ ਨੂੰ ਜੋਸ਼ ਅਤੇ ਸਕਾਰਾਤਮਕਤਾ ਦੇ ਨਾਲ ਜੀਉਣਾ ਚਾਹੀਦਾ ਹੈ।"ਕਰਨਵੀਰ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੇ ਪਿਤਾ ਨੇ ਉਨ੍ਹਾਂ ਨੂੰ ਸੁਪਨੇ ਦੇਖਣਾ ਅਤੇ ਮਿਹਨਤ ਕਰਨਾ ਸਿਖਾਇਆ। ਦੱਸ ਦਈਏ ਕਿ ਮਹਿੰਦਰ ਬੋਹਰਾ ਲੰਬੇ ਸਮੇਂ ਤੋਂ ਹਿੰਦੀ ਫ਼ਿਲਮ ਇੰਡਸਟਰੀ ਨਾਲ ਜੁੜੇ ਹੋਏ ਸਨ। ਉਨ੍ਹਾਂ ਨੇ ਪ੍ਰੋਡਿਊਸਰ ਵਜੋਂ 'ਤੇਜਾ' ਅਤੇ 'ਪਿਆਰ ਕਾ ਕਰਜ਼' ਵਰਗੀਆਂ ਫ਼ਿਲਮਾਂ ਵਿੱਚ ਕੰਮ ਕੀਤਾ ਸੀ।

# ਪੰਜਾਬ 'ਚ ਬਣਨਗੇ 7 ਨਵੇਂ ਮੈਡੀਕਲ ਕਾਲਜ ਸਿਹਤ ਮੰਤਰੀ ਬਲਬੀਰ ਸਿੰਘ ਨੇ ਕੀਤਾ ਐਲਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸੂਬੇ ਵਿੱਚ ਜਲਦ ਹੀ ਨਵੇਂ ਸੱਤ ਮੈਡੀਕਲ ਕਾਲਜ ਬਣਨਗੇ, ਜਿਸ ਨਾਲ ਮੈਡੀਕਲ ਦੀਆਂ ਛੇ ਸੌ ਸੀਟਾਂ ਵਧਣਗੀਆਂ। ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਅੱਜ ਇਹ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਮੈਡੀਕਲ ਕਾਲਜ ਦੀ ਉਸਾਰੀ ਦਾ ਕੰਮ 20 ਮਾਰਚ ਤੋਂ ਸ਼ੁਰੂ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਮੈਡੀਕਲ ਦੀ ਪੜ੍ਹਾਈ ਕਰਨ ਲਈ ਵਿਦੇਸ਼ ਨਹੀਂ ਜਾਣਾ ਪਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਵਿੱਚ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਬਣੇਗਾ, ਜਿਸ ਵਿੱਚ 100 ਸੀਟਾਂ ਹੋਣਗੀਆਂ। 200 ਬੈੱਡਾਂ ਦਾ ਹਸਪਤਾਲ ਪਹਿਲਾਂ ਹੀ ਮੌਜੂਦ ਹੈ ਅਤੇ 300 ਬੈੱਡਾਂ ਦਾ ਹੋਰ ਹਸਪਤਾਲ ਬਣਾਇਆ ਜਾਵੇਗਾ। ਇਹ ਦੋ ਸਾਲਾਂ ਵਿੱਚ ਬਣ ਕੇ 2028 ਤਕ ਤਿਆਰ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਕਪੂਰਥਲਾ ਮੈਡੀਕਲ ਕਾਲਜ ਦਾ ਵੀ ਟੈਂਡਰ ਅਤੇ ਵਰਕ ਆਰਡਰ ਹੋ ਚੁੱਕਾ ਹੈ। ਸੰਗਰੂਰ ਅਤੇ ਐੱਸ.ਬੀ.ਐੱਸ. ਨਗਰ (ਨਵਾਂਸ਼ਹਿਰ) ਵਿੱਚ ਟੈਂਡਰ ਪ੍ਰਕਿਰਿਆ ਚੱਲ ਰਹੀ ਹੈ। ਇਹ ਦੋਵੇਂ ਪੀ.ਪੀ.ਪੀ ਮੋਡ 'ਤੇ ਬਣਨਗੇ। ਲਹਿਰਾਗਾਗਾ ਵਿੱਚ ਜੈਨ ਸਮਾਜ ਵੱਲੋਂ ਮੈਡੀਕਲ ਕਾਲਜ ਬਣਾਇਆ ਜਾ ਰਿਹਾ ਹੈ ਉਨ੍ਹਾਂ ਨਾਲ ਸਮਝੌਤਾ ਸਹਿਬੱਧ ਹੋਇਆ ਹੈ। ਮਲੇਰਕੋਟਲਾ ਵਿੱਚ ਮੁਸਲਿਮ ਮਨੋਰਿਟੀ (ਘੱਟ ਗਿਣਤੀ) ਕਾਲਜ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਬਿਹਤਰ ਸਿੱਖਿਆ ਮਿਲੇਗੀ ਅਤੇ ਇਸ ਨਾਲ ਰੁਜ਼ਗਾਰ ਵੀ ਵਧੇਗਾ। ਸਾਡੇ ਪੁਰਾਣੇ ਮੈਡੀਕਲ ਕਾਲਜਾਂ ਜਿਵੇਂ ਕਿ ਅੰਮ੍ਰਿਤਸਰ, ਪਟਿਆਲਾ ਅਤੇ ਫ਼ਰੀਦਕੋਟ ਨੂੰ ਪੋਸਟ ਗ੍ਰੈਜੂਏਟ (ਫ਼ਘ) ਪੱਧਰ ਤੱਕ ਲੈ ਕੇ ਜਾ ਰਹੇ ਹਾਂ। ਜੋ ਸਹੂਲਤਾਂ ਪੀ.ਜੀ.ਆਈ. (ਫ਼ਘੀ) ਵਿੱਚ ਹਨ, ਉਹੀ ਇਹਨਾਂ ਵਿੱਚ ਵੀ ਦਿੱਤੀਆਂ ਜਾਣਗੀਆਂ। ਲਿਵਰ ਟ੍ਰਾਂਸਪਲਾਂਟ ਅਤੇ ਕਿਡਨੀ ਟ੍ਰਾਂਸਪਲਾਂਟ ਦੀ ਸਹੂਲਤ ਵੀ ਸ਼ੁਰੂ ਕਰ ਦਿੱਤੀ ਗਈ ਹੈ।

# ਗੁਰਦਾਸਪੁਰ ਵਿੱਚ ਜਵੈਲਰ ਦੇ ਘਰ 3 ਕਰੋੜ ਰੁਪਏ ਦੀ ਲੁੱਟ

ਗੁਰਦਾਸਪੁਰ
ਸਾਂਝੀ ਸੋਚ ਬਿਊਰੋ

ਗੁਰਦਾਸਪੁਰ ਵਿੱਚ ਇੱਕ ਜਵੈਲਰ ਦੇ ਘਰ 3 ਕਰੋੜ ਰੁਪਏ ਦੀ ਲੁੱਟ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਮੌਕੇ ਤੋਂ ਮਿਲੀ ਜਾਣਕਾਰੀ ਦੇ ਅਨੁਸਾਰ ਪੰਜ ਲੁਟੇਰਿਆਂ ਨੇ ਸਵੇਰੇ 8 ਵਜੇ ਦੇ ਕਰੀਬ ਜਵੈਲਰ ਵਰੁਣ ਮਹਾਜਨ ਦੇ ਘਰੋਂ ਬੰਦੂਕ ਦੀ ਨੋਕ 'ਤੇ 3 ਕਰੋੜ ਰੁਪਏ ਲੁੱਟ ਲਏ।
ਲੁਟੇਰੇ ਨਿਹੰਗ ਸਿੰਘਾਂ ਦੇ ਭੇਸ ਵਿੱਚ ਅਤੇ ਸਨ ਅਤੇ ਉਨ੍ਹਾਂ ਨੇ ਪਰਿਵਾਰ ਦੇ ਸਾਰੇ ਮੈਂਬਰਾਂ ਨੂੰ ਬੰਧਕ ਬਣਾ ਲਿਆ ਅਤੇ ਗਹਿਣੇ ਅਤੇ ਨਕਦੀ ਲੈ ਕੇ ਭੱਜ ਗਏ।
ਜਿਸ ਤੋਂ ਬਾਅਦ ਇਸ ਘਟਨਾ ਦੀ ਜਾਣਕਾਰੀ ਪਰਿਵਾਰ ਵੱਲੋਂ ਪੁਲਿਸ ਨੂੰ ਦਿੱਤੀ ਗਈ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸੰਬੰਧੀ ਵਰੁਣ ਮਹਾਜਨ ਦੀ ਪਤਨੀ ਨੇਹਾ ਮਹਾਜਨ ਨੇ ਦੱਸਿਆ ਕਿ ਨਿਹੰਗ ਸਿੰਘਾਂ ਦੇ ਭੇਸ ਵਿੱਚ ਪੰਜ ਆਦਮੀ ਸਵੇਰੇ 8 ਵਜੇ ਦੇ ਕਰੀਬ ਉਨ੍ਹਾਂ ਦੇ ਘਰ ਆਏ ਜਦੋਂ ਉਨ੍ਹਾਂ ਦਾ ਡਰਾਈਵਰ ਸਰਬਜੀਤ ਸਿੰਘ ਗੱਡੀਆਂ ਸਾਫ਼ ਕਰ ਰਿਹਾ ਸੀ। ਲੁਟੇਰਿਆਂ ਨੇ ਡਰਾਈਵਰ ਨਾਲ ਗੱਲ ਕੀਤੀ, ਅਤੇ ਜਦੋਂ ਉਹ ਉਨ੍ਹਾਂ ਨੂੰ ਬੁਲਾਉਣ ਲਈ ਅੰਦਰ ਆਇਆ ਤਾਂ ਉਹ ਘਰ ਵਿੱਚ ਦਾਖਲ ਹੋ ਗਏ।ਲੁਟੇਰਿਆਂ ਨੇ ਪਰਿਵਾਰ ਨੂੰ ਦੱਸਿਆ ਕਿ ਉਹ ਉਨ੍ਹਾਂ ਕੋਲ ਇਸ ਲਈ ਆਏ ਸਨ ਕਿਉਂਕਿ ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਗੁਰੂਆਂ ਬਾਰੇ ਕੁਝ ਅਪਮਾਨਜਨਕ ਪੋਸਟ ਪਾਈ ਸੀ। ਇਸ ਦੌਰਾਨ, ਦੋ ਬਦਮਾਸ਼ਾਂ ਨੇ ਨੇਹਾ ਮਹਾਜਨ ਦੇ ਸਿਰ 'ਤੇ ਪਿਸਤੌਲ ਤਾਣ ਦਿੱਤੀ ਅਤੇ ਸਾਰੇ ਪਰਿਵਾਰਕ ਮੈਂਬਰਾਂ ਨੂੰ ਇੱਕ ਜਗ੍ਹਾ 'ਤੇ ਇਕੱਠਾ ਕਰ ਲਿਆ ਅਤੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ।

# ਈਰਾਨ ਨੇ ਬਹਿਰੀਨ ਦੀ ਸਰਕਾਰੀ ਤੇਲ ਰਿਫਾਇਨਰੀ 'ਤੇ ਕੀਤਾ ਹਮਲਾ

## ਦਾਗੀਆਂ ਮਿਜ਼ਾਈਲਾਂ, ਲੱਗੀ ਅੱਗ, ਰਿਫਾਇਨਰੀ ਦੀ ਇੱਕ ਯੂਨਿਟ ਨੂੰ ਪਹੁੰਚਿਆ ਨੁਕਸਾਨ

ਤਹਿਰਾਨ
ਸਾਂਝੀ ਸੋਚ ਬਿਊਰੋ



ਅੱਜ ਅਮਰੀਕਾ-ਇਜ਼ਰਾਈਲ-ਈਰਾਨ ਯੁੱਧ ਦਾ ਸੱਤਵਾਂ ਦਿਨ ਹੈ। ਵੀਰਵਾਰ ਨੂੰ ਈਰਾਨ ਨੇ ਬਹਿਰੀਨ ਦੀ ਸਰਕਾਰੀ ਤੇਲ ਰਿਫਾਇਨਰੀ, ਬਾਪਕੋ 'ਤੇ ਮਿਜ਼ਾਈਲ ਹਮਲਾ ਕੀਤਾ, ਜਿਸ ਨਾਲ ਇੱਕ ਯੂਨਿਟ ਨੂੰ ਅੱਗ ਲੱਗ ਗਈ।
ਹਾਲਾਂਕਿ, ਬਾਅਦ ਵਿੱਚ ਅੱਗ 'ਤੇ ਕਾਬੂ ਪਾ ਲਿਆ ਗਿਆ। ਬਹਿਰੀਨ ਦੇ ਰਾਸ਼ਟਰੀ ਸੰਚਾਰ ਕੇਂਦਰ ਦੇ ਅਨੁਸਾਰ, ਬਾਪਕੋ ਐਨਰਜੀਜ਼ ਦੀ ਮਲਕੀਅਤ ਵਾਲੀ ਇਹ ਰਿਫਾਇਨਰੀ, ਰਾਜਧਾਨੀ ਮਨਾਮਾ ਦੇ ਦੱਖਣ ਵਿੱਚ, ਦੇਸ਼ ਦੇ ਪੂਰਬੀ ਤੱਟ 'ਤੇ ਸਿਤਰਾ ਟਾਪੂ 'ਤੇ ਸਥਿਤ ਹੈ। ਅਧਿਕਾਰੀਆਂ ਨੇ ਕਿਹਾ ਕਿ ਇਸ ਘਟਨਾ ਵਿੱਚ ਕੋਈ ਜ਼ਖ਼ਮੀ ਹੋਣ ਦੀ ਰਿਪੋਰਟ ਨਹੀਂ ਹੈ, ਅਤੇ ਰਿਫਾਇਨਰੀ ਆਮ ਤੌਰ 'ਤੇ ਕੰਮ ਕਰ ਰਹੀ ਹੈ। ਹਮਲੇ ਕਾਰਨ ਹੋਏ ਨੁਕਸਾਨ ਦਾ ਇਸ ਸਮੇਂ ਮੁਲਾਂਕਣ ਕੀਤਾ ਜਾ ਰਿਹਾ ਹੈ। ਇਹ ਹਮਲਾ ਅਜਿਹੇ ਸਮੇਂ ਹੋਇਆ ਹੈ ਜਦੋਂ ਅਮਰੀਕਾ ਅਤੇ ਇਜ਼ਰਾਈਲ ਦੇ ਹਮਲਿਆਂ ਤੋਂ ਬਾਅਦ ਈਰਾਨ ਨੇ ਖਾੜੀ ਖੇਤਰ ਵਿੱਚ ਜਵਾਬੀ ਕਾਰਵਾਈਆਂ ਤੇਜ਼ ਕਰ ਦਿੱਤੀਆਂ ਹਨ। ਖੇਤਰ ਵਿੱਚ ਵਧ ਰਹੇ ਤਣਾਅ ਦੇ ਵਿਚਕਾਰ, ਊਰਜਾ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਨਾਲ ਵਿਸ਼ਵ ਤੇਲ ਬਾਜ਼ਾਰ 'ਤੇ ਅਸਰ ਪੈਣ ਦਾ ਖਦਸ਼ਾ ਹੈ।


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਨੀਤੀਸ਼ ਕੁਮਾਰ ਨੇ ਬਿਹਾਰ ਤੋਂ ਰਾਜ ਸਭਾ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖਲ ਕੀਤੇ

ਪਟਨਾ
ਸਾਂਝੀ ਸੋਚ ਬਿਊਰੋ

ਬਿਹਾਰ ਦੇ ਮੁੱਖ ਮੰਤਰੀ ਨੀਤੀਸ਼ ਕੁਮਾਰ ਨੇ ਵੀਰਵਾਰ ਨੂੰ ਰਾਜ ਸਭਾ ਚੋਣਾਂ ਲਈ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਦਿੱਤੇ ਹਨ। ਜਨਤਾ ਦਲ-ਯੂਨਾਈਟਿਡ ਦੇ ਮੁਖੀ ਨੇ ਵਿਧਾਨ ਸਭਾ ਸਕੱਤਰ ਖ਼ਿਆਤੀ ਸਿੰਘ ਦੇ ਦਫ਼ਤਰ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ ਨਾਮਜ਼ਦਗੀ ਦਾਖਲ ਕੀਤੀ। ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਰਹਿਣ ਵਾਲੇ ਮੁੱਖ ਮੰਤਰੀ ਨੀਤੀਸ਼ ਕੁਮਾਰ ਨੇ ਦਿਨ ਦੇ ਸ਼ੁਰੂ ਵਿੱਚ ਰਾਜ ਸਭਾ ਵਿੱਚ ਜਾਣ ਦੇ ਆਪਣੇ ਇਰਾਦੇ ਦਾ ਐਲਾਨ ਕਰਦਿਆਂ ਕਿਹਾ ਸੀ ਕਿ ਇਹ ਇਕੋ-ਇਕ ਸਦਨ ਹੈ ਜਿਸ ਦੇ ਉਹ ਹੁਣ ਤੱਕ ਮੈਂਬਰ ਨਹੀਂ ਰਹੇ ਸਨ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਪੋਸਟ ਵਿੱਚ, ਨੀਤੀਸ਼ ਨੇ ਇਸ ਕਦਮ ਦਾ ਐਲਾਨ ਕੀਤਾ ਜੋ ਬਿਹਾਰ ਦੀ ਰਾਜਨੀਤੀ ਦੇ ਸਮੀਕਰਨਾਂ ਨੂੰ ਬਦਲ ਦੇਵੇਗਾ। ਹੁਣ ਰਾਜ ਵਿੱਚ ਭਾਜਪਾ ਦਾ ਆਪਣਾ ਮੁੱਖ ਮੰਤਰੀ ਹੋਵੇਗਾ ਅਤੇ ਨੀਤੀਸ਼ ਦੇ ਪੁੱਤਰ ਨਿਸ਼ਾਂਤ ਉਪ ਮੁੱਖ ਮੰਤਰੀ ਹੋਣਗੇ।



ਇਸ ਤੋਂ ਪਹਿਲਾਂ ਸੂਬਾ ਮੰਤਰੀ ਵਿਜੇ ਕੁਮਾਰ ਚੌਧਰੀ ਨੇ ਬੁੱਧਵਾਰ ਨੂੰ ਪੁਸ਼ਟੀ ਕੀਤੀ ਸੀ ਕਿ ਕੁਮਾਰ ਰਾਜ ਸਭਾ ਵਿੱਚ ਜਾਣ ਬਾਰੇ ਵਿਚਾਰ ਕਰ ਰਹੇ ਹਨ, ਜਿਸ ਨਾਲ ਰਾਜ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਮੁੱਖ ਮੰਤਰੀ ਵਜੋਂ ਉਨ੍ਹਾਂ ਦਾ ਕਾਰਜਕਾਲ ਖਤਮ ਹੋ ਜਾਵੇਗਾ। ਜੇਡੀਯੂ ਮੁਖੀ ਨੀਤੀਸ਼ ਕੁਮਾਰ ਨੇ ਵੀਰਵਾਰ ਨੂੰ ਐਲਾਨ ਕੀਤਾ ਹੈ ਉਹ ਰਾਜ ਸਭਾ ਚੋਣਾਂ ਲੜਨਗੇ, ਜਿਸ ਨਾਲ ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਮੁੱਖ ਮੰਤਰੀ ਵਜੋਂ ਉਨ੍ਹਾਂ ਦੇ ਕਾਰਜਕਾਲ ਦਾ ਅੰਤ ਹੋ ਜਾਵੇਗਾ। ਸਾਲ 2005 ਤੋਂ ਮੁੱਖ ਮੰਤਰੀ ਵਜੋਂ ਸੇਵਾਵਾਂ ਨਿਭਾਅ ਰਹੇ ਕੁਮਾਰ ਨੇ ਕਿਹਾ ਕਿ ਸੂਬੇ ਵਿੱਚ ਬਣਨ ਵਾਲੀ ਨਵੀਂ ਸਰਕਾਰ ਨੂੰ ਉਨ੍ਹਾਂ ਦਾ ਪੂਰਾ ਸਹਿਯੋਗ ਅਤੇ ਮਾਰਗਦਰਸ਼ਨ ਮਿਲੇਗਾ।

ਸੂਬੇ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ, "ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਤੁਸੀਂ ਮੇਰੇ 'ਤੇ ਲਗਾਤਾਰ ਭਰੋਸਾ ਜਤਾਇਆ ਹੈ ਅਤੇ ਇਸੇ ਭਰੋਸੇ ਦੇ ਦਮ 'ਤੇ ਅਸੀਂ ਪੂਰੀ ਤਨਦੇਹੀ ਨਾਲ ਬਿਹਾਰ ਦੀ ਸੇਵਾ ਕੀਤੀ ਹੈ।" ਉਨ੍ਹਾਂ ਅੱਗੇ ਕਿਹਾ ਕਿ ਆਪਣੀ ਸੰਸਦੀ ਯਾਤਰਾ ਦੇ ਸ਼ੁਰੂਆਤ ਤੋਂ ਹੀ ਉਹ ਬਿਹਾਰ ਵਿਧਾਨ ਸਭਾ ਦੇ ਦੋਵਾਂ ਸਦਨਾਂ ਅਤੇ ਸੰਸਦ ਦੇ ਦੋਵਾਂ ਸਦਨਾਂ ਦਾ ਮੈਂਬਰ ਬਣਨਾ ਚਾਹੁੰਦੇ ਸਨ ਅਤੇ ਇਸੇ ਇੱਛਾ ਦੇ ਤਹਿਤ ਉਹ ਇਸ ਵਾਰ ਰਾਜ ਸਭਾ ਮੈਂਬਰ ਬਣਨਾ ਚਾਹੁੰਦੇ ਹਨ।2025 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੱਤਾਧਾਰੀ ਐਨਡੀਏ ਨੂੰ ਸ਼ਾਨਦਾਰ ਜਿੱਤ ਦਿਵਾਉਣ ਤੋਂ ਬਾਅਦ ਕੁਮਾਰ ਦੇ ਅਹੁਦਾ ਛੱਡਣ ਨਾਲ ਹੁਣ ਕਿਸੇ ਭਾਜਪਾ ਆਗੂ ਦੇ ਮੁੱਖ ਮੰਤਰੀ ਬਣਨ ਦੀ ਉਮੀਦ ਹੈ। ਜੇਕਰ ਅਜਿਹਾ ਹੁੰਦਾ ਹੈ ਤਾਂ ਬਿਹਾਰ ਨੂੰ ਆਪਣਾ ਪਹਿਲਾ ਭਾਜਪਾ ਮੁੱਖ ਮੰਤਰੀ ਮਿਲੇਗਾ। ਬਿਹਾਰ ਦੀਆਂ ਪੰਜ ਰਾਜ ਸਭਾ ਸੀਟਾਂ ਲਈ 16 ਮਾਰਚ ਨੂੰ ਵੋਟਾਂ ਪੈਣਗੀਆਂ ਅਤੇ ਵੀਰਵਾਰ ਨਾਮਜ਼ਦਗੀ ਦਾ ਆਖਰੀ ਦਿਨ ਹੈ। ਰਾਜ ਵਿਧਾਨ ਸਭਾ ਦੇ ਅੰਕੜਿਆਂ ਅਨੁਸਾਰ ਕੁਮਾਰ ਦੀ ਉਪਰਲੇ ਸਦਨ ਲਈ ਚੋਣ ਲਗਪਗ ਤੈਅ ਹੈ।

# ਅੰਤਰਰਾਸ਼ਟਰੀ ਪਾਣੀਆਂ ਵਿੱਚ ਜਹਾਜ਼ ਨੂੰ ਨਿਸ਼ਾਨਾ ਬਣਾਉਣ ਲਈ ਅਮਰੀਕਾ ਨੂੰ "ਭਾਰੀ ਕੀਮਤ" ਚੁਕਾਉਣੀ ਪਵੇਗੀ: ਇਰਾਨ ਵਿਦੇਸ਼ ਮੰਤਰੀ

ਤਹਿਰਾਨ
ਸਾਂਝੀ ਸੋਚ ਬਿਊਰੋ

ਸ੍ਰੀਲੰਕਾ ਦੇ ਤੱਟ ਤੋਂ ਦੂਰ ਇੱਕ ਅਮਰੀਕੀ ਪਣਡੁੱਬੀ ਵੱਲੋਂ ਇਰਾਨੀ ਜਲ ਸੈਨਾ ਦੇ ਜੰਗੀ ਜਹਾਜ਼ ਨੂੰ ਡੁਬੋਣ ਦੇ ਇੱਕ ਦਿਨ ਬਾਅਦ, ਇਰਾਨ ਦੇ ਵਿਦੇਸ਼ ਮੰਤਰੀ ਸੱਯਦ ਅੱਬਾਸ ਅਰਾਗਚੀ ਨੇ ਚਿਤਾਵਨੀ ਦਿੱਤੀ ਹੈ ਕਿ ਅੰਤਰਰਾਸ਼ਟਰੀ ਪਾਣੀਆਂ ਵਿੱਚ ਜਹਾਜ਼ ਨੂੰ ਨਿਸ਼ਾਨਾ ਬਣਾਉਣ ਲਈ ਅਮਰੀਕਾ ਨੂੰ "ਭਾਰੀ ਕੀਮਤ" ਚੁਕਾਉਣੀ ਪਵੇਗੀ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪੋਸਟ ਕਰਦੇ ਹੋਏ ਅਰਾਗਚੀ ਨੇ ਕਿਹਾ, "ਅਮਰੀਕਾ ਨੇ ਸਮੁੰਦਰ ਵਿੱਚ, ਇਰਾਨ ਦੇ ਤੱਟਾਂ ਤੋਂ 2,000 ਮੀਲ ਦੂਰ ਹਮਲਾ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ ਕਿ ਫ੍ਰੀਗੇਟ IRIW Dena, ਜੋ ਕਿ ਭਾਰਤੀ ਜਲ ਸੈਨਾ ਦਾ ਮਹਿਮਾਨ ਸੀ ਅਤੇ ਲਗਪਗ 130 ਮਲਾਹਾਂ ਨੂੰ ਲੈ ਕੇ ਜਾ ਰਿਹਾ ਸੀ। ਅੰਤਰਰਾਸ਼ਟਰੀ ਪਾਣੀਆਂ ਵਿੱਚ ਬਿਨਾਂ ਕਿਸੇ ਚੇਤਾਵਨੀ ਦੇ ਹਮਲਾ ਕੀਤਾ ਗਿਆ। ਇਰਾਨੀ ਵਿਦੇਸ਼ ਮੰਤਰੀ ਨੇ ਕਿਹਾ, "ਮੇਰੇ ਸ਼ਬਦ ਯਾਦ ਰੱਖਣਾ: ਅਮਰੀਕਾ ਨੂੰ ਇਸ ਮਿਸਾਲ (ਘਟਨਾ) 'ਤੇ ਬਹੁਤ ਪਛਤਾਵਾ ਹੋਵੇਗਾ ਜੋ ਉਸ ਨੇ ਕਾਇਮ ਕੀਤੀ ਹੈ।"ਇਸ ਤੋਂ ਪਹਿਲਾਂ




ਅਮਰੀਕੀ ਰੱਖਿਆ ਸਕੱਤਰ ਪੀਟ ਹੇਗਸੇਥ ਨੇ ਬੁੱਧਵਾਰ ਨੂੰ ਪੁਸ਼ਟੀ ਕੀਤੀ ਕਿ ਇੱਕ ਅਮਰੀਕੀ ਪਣਡੁੱਬੀ ਨੇ ਟਾਰਪੀਡੋ ਦਾਗਿਆ ਅਤੇ ਸ੍ਰੀਲੰਕਾ ਦੇ ਪੱਛਮ ਵਿੱਚ ਇਰਾਨੀ ਜਲ ਸੈਨਾ ਦੇ ਜਹਾਜ਼ IRIS Dena ਨੂੰ ਡੁਬੋ ਦਿੱਤਾ। ਇੱਕ ਤਰ੍ਹਾਂ ਨਾਲ, ਇਰਾਨ ਅਤੇ ਅਮਰੀਕਾ-ਇਜ਼ਰਾਈਲ ਸੰਘਰਸ਼ ਭਾਰਤੀ ਤੱਟ ਦੇ ਨੇੜੇ ਪਹੁੰਚ ਗਿਆ ਹੈ। ਸਮੁੰਦਰ ਵਿੱਚ ਹੋਇਆ ਇਹ ਹਮਲਾ ਇਰਾਨ ਤੋਂ ਲਗਪਗ 4,000 ਕਿਲੋਮੀਟਰ ਦੂਰ ਸੀ, ਜਿਸ ਨਾਲ ਜੰਗ ਦਾ ਘੇਰਾ ਕਾਫ਼ੀ ਵਧ ਗਿਆ ਹੈ। ਪਹਿਲਾਂ ਹੀ, ਇਰਾਨੀ ਮਿਜ਼ਾਈਲ ਹਮਲਿਆਂ ਦੇ ਡਰੋਂ, ਕਈ ਅਮਰੀਕੀ ਜੰਗੀ ਜਹਾਜ਼ ਪੂਰਬ ਵੱਲ ਭਾਰਤ ਦੇ ਨੇੜੇ ਆ ਗਏ ਹਨ।ਭਾਰਤ ਨੇ ਇਨ੍ਹਾਂ ਰਿਪੋਰਟਾਂ ਦਾ ਖੰਡਨ ਕੀਤਾ ਹੈ ਕਿ ਕੋਈ ਵੀ ਅਮਰੀਕੀ ਜਲ ਸੈਨਾ ਸੰਪਤੀ ਭਾਰਤੀ ਬੰਦਰਗਾਹਾਂ ਦੀ ਵਰਤੋਂ ਕਰ ਰਹੀ ਸੀ। ਬੁੱਧਵਾਰ ਨੂੰ ਹਮਲੇ ਦਾ ਸ਼ਿਕਾਰ ਹੋਇਆ ਇਰਾਨੀ ਜਹਾਜ਼, ਵਿਸ਼ਾਖਾਪਟਨਮ ਵਿੱਚ ਭਾਰਤ ਵੱਲੋਂ ਆਯੋਜਿਤ ਅੰਤਰਰਾਸ਼ਟਰੀ ਫਲੀਟ ਰਿਵਿਊ ਅਤੇ 'ਅਭਿਆਸ ਮਿਲਨ' (Exercise Milan) ਵਿੱਚ ਹਿੱਸਾ ਲੈਣ ਤੋਂ ਬਾਅਦ ਵਾਪਸ ਪਰਤ ਰਿਹਾ ਸੀ।

# 'ਮੇਰਾ ਪੁੱਤ ਅਪਰਾਧੀ ਨਹੀਂ ਸੀ': ਰਣਜੀਤ ਦੀ ਮਾਂ ਨੇ ਸੀਬੀਆਈ ਜਾਂਚ ਅਤੇ ਪੀਜੀਆਈ ਤੋਂ ਦੂਜੇ ਪੋਸਟਮਾਰਟਮ ਲਈ ਹਾਈਕੋਰਟ ਦਾ ਬੂਹਾ ਖੜਕਾਇਆ

ਗੁਰਦਾਸਪੁਰ
ਸਾਂਝੀ ਸੋਚ ਬਿਊਰੋ

ਗੁਰਦਾਸਪੁਰ ਦੇ ਪੁਰਾਣਾ ਸ਼ਾਲਾ ਵਿੱਚ 19 ਸਾਲਾ ਨੌਜਵਾਨ ਰਣਜੀਤ ਸਿੰਘ ਦੇ ਪੁਲਿਸ ਮੁਕਾਬਲੇ ਨੇ ਹੁਣ ਕਾਨੂੰਨੀ ਮੋੜ ਲੈ ਲਿਆ ਹੈ। ਮ੍ਰਿਤਕ ਦੀ ਮਾਂ ਸੁਖਜਿੰਦਰ ਕੌਰ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਇਸ ਐਨਕਾਊਂਟਰ ਨੂੰ 'ਗੈਰ-ਕਾਨੂੰਨੀ ਅਤੇ ਸੰਵਿਧਾਨ ਵਿਰੋਧੀ' ਕਰਾਰ ਦਿੱਤਾ ਹੈ। ਪਟੀਸ਼ਨ ਵਿੱਚ ਪੁਲਿਸ ਦੀ ਕਹਾਣੀ ਨੂੰ ਸਿਰੇ ਤੋਂ ਨਕਾਰਦਿਆਂ ਉੱਚ ਪੱਧਰੀ ਜਾਂਚ ਦੀ ਗੁਹਾਰ ਲਾਈ ਗਈ ਹੈ।

ਪੁਲਿਸ ਦੀ ਥਿਊਰੀ 'ਤੇ ਖੜ੍ਹੇ ਕੀਤੇ ਸ਼ੰਕੇ

ਪਟੀਸ਼ਨਰ ਨੇ ਅਦਾਲਤ ਵਿੱਚ ਪੁਲਿਸ ਵੱਲੋਂ ਪੇਸ਼ ਕੀਤੇ ਗਏ ਘਟਨਾਕ੍ਰਮ 'ਤੇ ਕਈ ਤਰਕਪੂਰਨ ਸਵਾਲ ਚੁੱਕੇ ਹਨ। ਪਟੀਸ਼ਨ ਵਿੱਚ ਪੁੱਛਿਆ ਗਿਆ ਹੈ ਕਿ ਜੇਕਰ ਰਣਜੀਤ ਪੁਲਿਸ ਹਿਰਾਸਤ ਵਿੱਚ ਸੀ ਅਤੇ ਉਸ ਨੂੰ ਹੱਥਕੜੀ ਲੱਗੀ ਹੋਈ ਸੀ, ਤਾਂ ਉਹ ਗੱਡੀ ਪਲਟਣ ਤੋਂ ਬਾਅਦ ਪੁਲਿਸ ਨੂੰ ਚਕਮਾ ਦੇ ਕੇ ਕਿਵੇਂ ਭੱਜ ਸਕਦਾ ਹੈ? ਪੁਲਿਸ ਦਾ ਦਾਅਵਾ ਹੈ ਕਿ ਰਣਜੀਤ ਮੋਟਰਸਾਈਕਲ 'ਤੇ ਆਇਆ ਅਤੇ ਉਸਨੇ ਫਾਇਰਿੰਗ ਕੀਤੀ। ਪਰਿਵਾਰ ਦਾ ਸਵਾਲ ਹੈ ਕਿ ਪੂਰੇ ਜ਼ਿਲ੍ਹੇ ਵਿੱਚ ਹਾਈ ਅਲਰਟ ਹੋਣ ਦੇ ਬਾਵਜੂਦ ਇੱਕ ਭਗੌੜੇ ਕੋਲ ਮੋਟਰਸਾਈਕਲ ਅਤੇ ਹਥਿਆਰ ਕਿੱਥੋਂ ਆਏ?



ਸੀਸੀਟੀਵੀ ਸਬੂਤਾਂ ਨਾਲ ਛੇੜਛਾੜ

ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਹੈ ਕਿ ਸੱਚਾਈ ਛੁਪਾਉਣ ਲਈ ਪੁਲਿਸ ਨੇ ਇਲਾਕੇ ਦੇ ਘਰਾਂ ਅਤੇ ਗੁਰਦੁਆਰਾ ਸਾਹਿਬ ਦੇ ਸੀਸੀਟੀਵੀ ਕੈਮਰਿਆਂ ਦੀ ਡੀਵੀਆਰ ਜ਼ਬਰਦਸਤੀ ਆਪਣੇ ਕਬਜ਼ੇ ਵਿੱਚ ਲੈ ਲਈ ਹੈ। ਮਾਮਲੇ ਦੀ ਜਾਂਚ ਸੀਬੀਆਈ ਜਾਂ ਹਾਈਕੋਰਟ ਦੇ ਸੇਵਾਮੁਕਤ ਜੱਜ ਦੀ ਨਿਗਰਾਨੀ ਹੇਠਲੀ ਵਿਸ਼ੇਸ਼ ਜਾਂਚ ਟੀਮ ਤੋਂ ਕਰਵਾਈ ਜਾਵੇ।

ਮ੍ਰਿਤਕ ਦੀ ਦੇਹ ਦਾ ਪੋਸਟਮਾਰਟਮ ਪੀਜੀਆਈ ਚੰਡੀਗੜ੍ਹ ਦੇ ਡਾਕਟਰਾਂ ਦੇ ਬੋਰਡ ਤੋਂ ਕਰਵਾਇਆ ਜਾਵੇ ਤਾਂ ਜੋ ਨਿਰਪੱਖ ਰਿਪੋਰਟ ਸਾਹਮਣੇ ਆ ਸਕੇ। ਘਟਨਾ ਵਾਲੇ ਦਿਨ ਸ਼ਾਮਲ ਸਾਰੇ ਪੁਲਿਸ ਅਧਿਕਾਰੀਆਂ ਦੇ ਕਾਲ ਡਿਟੇਲ ਰਿਕਾਰਡ ਅਤੇ ਜੀਪੀਐਸ ਲੋਕੇਸ਼ਨਾਂ ਨੂੰ ਸੁਰੱਖਿਅਤ ਰੱਖਿਆ ਜਾਵੇ। ਇਸ ਮੁਕਾਬਲੇ ਵਿੱਚ ਸ਼ਾਮਲ ਸੀਆਈਏ ਇੰਚਾਰਜ ਅਤੇ ਹੋਰ ਮੁਲਾਜ਼ਮਾਂ ਨੂੰ ਤੁਰੰਤ ਪ੍ਰਭਾਵ ਤੋਂ ਮੁਅੱਤਲ ਕੀਤਾ ਜਾਵੇ।

ਜ਼ਿਕਰਯੋਗ ਹੈ ਕਿ 22 ਫਰਵਰੀ ਨੂੰ ਪਿੰਡ ਆਦੀ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਤੋਂ ਬਾਅਦ, ਪੁਲਿਸ ਨੇ 24 ਫਰਵਰੀ ਨੂੰ ਰਣਜੀਤ ਸਿੰਘ ਨੂੰ ਉਸਦੇ ਘਰੋਂ ਚੁੱਕਿਆ ਸੀ। 25 ਫਰਵਰੀ ਦੀ ਸਵੇਰ ਨੂੰ ਪੁਲਿਸ ਨੇ ਇੱਕ ਮੁਕਾਬਲੇ ਦੌਰਾਨ ਰਣਜੀਤ ਨੂੰ ਮਾਰ ਮੁਕਾਉਣ ਦਾ ਦਾਅਵਾ ਕੀਤਾ ਸੀ। ਪਰਿਵਾਰ ਅਨੁਸਾਰ ਰਣਜੀਤ ਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਸੀ ਅਤੇ ਉਸ ਨੂੰ ਮਹਿਜ਼ ਇੱਕ ਸਾਜ਼ਿਸ਼ ਤਹਿਤ ਮਾਰਿਆ ਗਿਆ ਹੈ।

Space available for Ad
Contact # +1 (209) 303-1260

# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ




## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

## 510-706-1300

singhsolarusa@gmail.com

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights




## LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US **(510) 797-9010**

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਮੰਗਾਂ ਦੀ ਪੂਰਤੀ ਨਾ ਹੋਣ ਕਰਕੇ ਸੂਬਾ ਕਮੇਟੀ ਦੇ ਸੱਦੇ 'ਤੇ ਪੰਜਾਬ ਸਰਕਾਰ ਵਿਰੁੱਧ ਕੀਤਾ ਗਿਆ ਰੋਸ ਪ੍ਰਦਰਸ਼ਨ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਮਨਿਸਟੀਰੀਅਲ ਸਰਵਿਸਿਜ ਯੂਨੀਅਨ ਸੂਬਾ ਕਮੇਟੀ ਦੇ ਸੱਦੇ ਤੇ ਜਿਲਾ ਇਕਾਈ ਅੰਮ੍ਰਿਤਸਰ ਦੇ ਜਿਲਾ ਜਨਰਲ ਸਕੱਤਰ ਜਗਦੀਸ਼ ਠਾਕੁਰ,ਤੇਜਿੰਦਰ ਸਿੰਘ ਢਿਲੋਂ ਜਿਲਾ ਮੁੱਖ ਬੁਲਾਰਾ,ਗੁਰਮੁੱਖ ਸਿੰਘ ਚਾਹਲ ਜਿਲਾ ਵਿੱਤ ਸਕੱਤਰ,ਅਮਨ ਥਰੀਏਵਾਲ ਸੀਨੀਅਰ ਮੀਤ ਪ੍ਰਧਾਨ ਅਤੇ ਅਤੁੱਲ ਸ਼ਰਮਾਂ ਮੀਡੀਆ ਇਨਚਾਰਜ ਦੀ ਅਗਵਾਈ ਹੇਠ ਮੰਗਾਂ ਦੀ ਪੂਰਤੀ ਨਾ ਹੋਣ ਕਰਕੇ ਜਿਲਾ ਪੱਧਰੀ ਮੀਟਿੰਗ ਕਰਕੇ ਸੂਬਾ ਕਮੇਟੀ ਵੱਲੋਂ ਮਿਤੀ 08/03/26 ਦੇ ਚੰਡੀਗੜ੍ਹ ਵਿਖੇ ਜਥੇਬੰਦੀ ਵੱਲੋਂ ਕੀਤੇ ਜਾਣ ਵਾਲੇ ਐਕਸ਼ਨ ਵਿਚ ਸ਼ਮੂਲੀਅਤ ਕਰਨ ਸਬੰਧੀ ਤਿਆਰੀ ਕੀਤੀ ਗਈ ਅਤੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਪੁਰਾਣੀ ਪੈਨਸ਼ਨ ਸਕੀਮ ਦਾ ਸਰਕਾਰ ਵੱਲੋਂ ਅਧੂਰਾ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ 17/07/20 ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ। ਅਤੇ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਪੈਡਿੰਗ ਡੀ.ਏ ਦੀਆਂ ਕਿਸ਼ਤਾਂ,ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, 7ਵੇ ਸੈਂਟਰਲ ਤਨਖਾਹ ਕਮਿਸ਼ਨ ਮੁਤਾਬਕ ਭਰਤੀ ਹੋਏ ਮੁਲਾਜ਼ਮਾ ਲਈ 17/07/20 ਦਾ ਪੱਤਰ ਰੱਦ ਕਰਨਾ, 4,9,14 ਏ.ਸੀ.ਪੀ.ਸਕੀਮ ਬਹਾਲ ਕਰਨਾ,ਤਰਸ ਦੇ ਆਧਾਰ ਤੇ ਭਰਤੀ ਹੋਏ ਕਲਰਕਾਂ ਨੂੰ ਟਾਈਪ ਟੈਸਟ ਤੋਂ ਛੋਟ ਦੇ ਕੇ ਕੰਪਿਊਟਰ ਕੋਰਸ ਲਾਗੂ ਕਰਨਾ ਤਨਖ਼ਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨਾ,ਕੱਟੇ ਗਏ ਭੱਤੇ ਬਹਾਲ ਕਰਨਾ ਆਦਿ ਮੰਗਾਂ ਦੀ ਪੂਰਤੀ ਤੁਰੰਤ ਕੀਤੇ ਜਾਣ ਦੀ ਮੰਗ ਕੀਤੀ ਗਈ।ਇਸ ਮੌਕੇ ਵੱਖ ਵੱਖ ਵਿਭਾਗਾਂ ਤੋਂ ਮਲਕੀਅਤ ਸਿੰਘ,ਤੇਜਿੰਦਰ ਕੁਮਾਰ, ਬਿਕਰਮਜੀਤ ਸਿੰਘ ਕਲੇਰ ਸੁਰਿੰਦਰ ਸਿੰਘ,ਜਿੰਮੀ ਬਧਵਾਰ,ਸੰਜੇ ਸ਼ਰਮਾਂ,ਲਖਵਿੰਦਰ ਸਿੰਘ, ਹੀਰਾ ਭੁੱਲਰ,ਬਲਜੀਤ ਸਿੰਘ ਬੱਲੀ,ਰਾਜਨ,ਪ੍ਰੀਤੀ,ਗੁਰਵੇਲ ਸਿੰਘ ਸੇਖੋਂ,ਰਕੇਸ਼ ਬਾਬੋਵਾਲ, ਕਮਲਜੀਤ ਸਿੰਘ,ਜਸਬੀਰ ਸਿੰਘ, ਪਰਵਿੰਦਰ ਸਿੰਘ,ਗੁਰਿੰਦਰ ਸਿੰਘ ਅਤੇ ਭਰਾਤਰੀ ਜਥੇਬੰਦੀ ਤੋਂ ਪ੍ਰਧਾਨ ਜੋਗਿੰਦਰ ਸਿੰਘ ਆਦਿ ਸਾਥੀਆਂ ਸਮੇਤ ਹਾਜਰ ਸਨ।



## ਈਰਾਨ ਮੇਰੇ ਬਿਨਾਂ ਸੁਪਰੀਮ ਲੀਡਰ ਨਾ ਚੁਣੇ- ਟਰੰਪ

### ਟਰੰਪ ਨੇ ਖਮੇਨੀ ਦੇ ਪੁੱਤਰ ਨੂੰ ਉਸ ਦਾ ਉੱਤਰਾਧਿਕਾਰੀ ਮੰਨਣ ਤੋਂ ਕੀਤਾ ਇਨਕਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਈਰਾਨ ਨੂੰ ਉਨ੍ਹਾਂ ਤੋਂ ਬਿਨਾਂ ਨਵਾਂ ਸੁਪਰੀਮ ਲੀਡਰ ਨਹੀਂ ਚੁਣਨਾ ਚਾਹੀਦਾ। ਉਨ੍ਹਾਂ ਕਿਹਾ ਕਿ ਨਵੇਂ ਨੇਤਾ ਦੀ ਚੋਣ ਵਿੱਚ ਅਮਰੀਕਾ ਦੀ ਭੂਮਿਕਾ ਜ਼ਰੂਰੀ ਹੈ, ਅਤੇ ਅਮਰੀਕਾ ਦੀ ਭਾਗੀਦਾਰੀ ਤੋਂ ਬਿਨਾਂ ਅਜਿਹਾ ਕਰਨਾ ਸਮੇਂ ਦੀ ਬਰਬਾਦੀ ਹੋਵੇਗੀ।



ਐਕਸੀਓਸ ਨਾਲ ਇੱਕ ਇੰਟਰਵਿਊ ਵਿੱਚ, ਟਰੰਪ ਨੇ ਕਿਹਾ ਕਿ ਜੇਕਰ ਈਰਾਨ ਅਮਰੀਕਾ ਦੀ ਸ਼ਮੂਲੀਅਤ ਤੋਂ ਬਿਨਾਂ ਇੱਕ ਨਵਾਂ ਸੁਪਰੀਮ ਲੀਡਰ ਚੁਣਦਾ ਹੈ, ਤਾਂ ਇਹ ਅਰਥਹੀਣ ਹੋਵੇਗਾ। ਟਰੰਪ ਨੇ ਇਹ ਵੀ ਕਿਹਾ ਕਿ ਅਲੀ ਖਮੇਨੀ ਦੇ ਪੁੱਤਰ, ਮੋਜਤਬਾ ਖਮੇਨੀ ਨੂੰ ਇੱਕ ਸੰਭਾਵੀ ਉੱਤਰਾਧਿਕਾਰੀ ਮੰਨਿਆ ਜਾ ਰਿਹਾ ਹੈ, ਪਰ ਉਹ ਇਸਨੂੰ ਸਵੀਕਾਰ ਨਹੀਂ ਕਰਨਗੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਨਵਾਂ ਨੇਤਾ ਪੁਰਾਣੀ ਲੀਡਰਸ਼ਿਪ ਦੀਆਂ ਨੀਤੀਆਂ ਨੂੰ ਜਾਰੀ ਰੱਖਦਾ ਹੈ, ਤਾਂ ਆਉਣ ਵਾਲੇ ਸਾਲਾਂ ਵਿੱਚ ਅਮਰੀਕਾ ਅਤੇ ਈਰਾਨ ਵਿਚਕਾਰ ਇੱਕ ਹੋਰ ਟਕਰਾਅ ਹੋ ਸਕਦਾ ਹੈ। ਟਰੰਪ ਨੇ ਕਿਹਾ ਕਿ ਅਮਰੀਕਾ ਇੱਕ ਅਜਿਹਾ ਨੇਤਾ ਚਾਹੁੰਦਾ ਹੈ ਜੋ ਈਰਾਨ ਵਿੱਚ ਸ਼ਾਂਤੀ ਅਤੇ ਸਥਿਰਤਾ ਲਿਆ ਸਕੇ।

## ਅਮਰੀਕਾ 'ਚ ਰੁਜ਼ਗਾਰ-ਆਧਾਰਿਤ ਵੀਜ਼ਾ ਪ੍ਰੋਗਰਾਮਾਂ ਨੂੰ ਲੈ ਕੇ ਛਿੜੀ ਵੱਡੀ ਬਹਿਸ

### ਐੱਚ-1ਬੀ ਅਤੇ ਓ.ਪੀ.ਟੀ ਵੀਜ਼ਿਆਂ ਦੀ ਦੁਰਵਰਤੋਂ ਬਾਰੇ ਉਠਾਏ ਗਏ ਸਵਾਲ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ‘ਚ ਰੁਜ਼ਗਾਰ-ਆਧਾਰਿਤ ਵੀਜ਼ਾ ਪ੍ਰੋਗਰਾਮਾਂ ਨੂੰ ਲੈ ਕੇ ਇੱਕ ਵੱਡੀ ਬਹਿਸ ਛਿੜ ਗਈ ਹੈ। ਏਰਿਕ ਸਮਿੱਟ ਨੇ ਐੱਚ-1ਬੀ ਵੀਜ਼ਾ ਅਤੇ ਵਿਕਲਪਿਕ ਪ੍ਰੈਕਟੀਕਲ ਟ੍ਰੇਨਿੰਗ (ਓ.ਪੀ.ਟੀ.) ਪ੍ਰੋਗਰਾਮ ‘ਚ ਕਥਿਤ ਦੁਰਵਰਤੋਂ ਦਾ ਮੁੱਦਾ ਉਠਾਇਆ ਹੈ। ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ (ਡੀ.ਐੱਚ.ਐੱਸ.) ਨੇ ਪੁਸ਼ਟੀ ਕੀਤੀ ਹੈ ਕਿ ਉਹ ਸਟੂਡੈਂਟ ਵਰਕ ਪ੍ਰੋਗਰਾਮ (ਓ.ਪੀ.ਟੀ.) ਦੀ ਸਮੀਖਿਆ ਕਰ ਰਿਹਾ ਹੈ।ਸੈਨੇਟ ਨਿਆਂਪਾਲਿਕਾ ਕਮੇਟੀ ਦੀ ਸੁਣਵਾਈ ਦੌਰਾਨ, ਸ਼ਮਿਟ ਨੇ ਕਿਹਾ ਕਿ ਐੱਚ-1ਬੀ ਵੀਜ਼ਾ ਪ੍ਰੋਗਰਾਮ ”ਸਭ ਤੋਂ ਵਧੀਆ ਅਤੇ ਹੁਸ਼ਿਆਰ” ਵਿਦੇਸ਼ੀ ਪੇਸ਼ੇਵਰਾਂ ਨੂੰ ਅਮਰੀਕਾ ਲਿਆਉਣ ਲਈ ਤਿਆਰ ਕੀਤਾ ਗਿਆ ਸੀ, ਤਾਂ ਜੋ ਉਹ ਸਥਾਨਕ ਤੌਰ ‘ਤੇ ਉਪਲਬਧ ਨਾ ਹੋਣ ਵਾਲੀਆਂ ਨੌਕਰੀਆਂ ਨੂੰ ਭਰ ਸਕਣ।

ਪਰ ਉਨ੍ਹਾਂ ਦਾ ਦੋਸ਼ ਹੈ ਕਿ ਇਸ ਪ੍ਰੋਗਰਾਮ ਦੀ ਹੁਣ ਦੁਰਵਰਤੋਂ ਹੋ ਰਹੀ ਹੈ ਅਤੇ ਸਸਤੀ ਵਿਦੇਸ਼ੀ ਮਜ਼ਦੂਰੀ ਅਮਰੀਕੀ ਨਾਗਰਿਕਾਂ ਦੀਆਂ ਨੌਕਰੀਆਂ ਗੁਆ ਰਹੀ ਹੈ।ਸਮਿੱਟ ਨੇ ਓ.ਪੀ.ਟੀ. ਪ੍ਰੋਗਰਾਮ ਦੀ ਵੀ ਆਲੋਚਨਾ ਕੀਤੀ, ਜੋ ਅਮਰੀਕਾ ਵਿਚ ਆਪਣੀ ਪੜ੍ਹਾਈ ਪੂਰੀ ਕਰਨ ਵਾਲੇ ਵਿਦੇਸ਼ੀ ਵਿਦਿਆਰਥੀਆਂ ਨੂੰ ਕੁਝ ਸਮੇਂ ਲਈ ਕੰਮ ਕਰਨ ਦੀ ਆਗਿਆ ਦਿੰਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਕੁਝ ਯੂਨੀਵਰਸਿਟੀਆਂ ਇਸ ਪ੍ਰਬੰਧ ਦਾ ਸ਼ੋਸ਼ਣ ਕਰ ਰਹੀਆਂ ਹਨ ਅਤੇ ਇਹ ਅਮਰੀਕੀ ਵਿਦਿਆਰਥੀਆਂ ਲਈ ਮੌਕੇ ਸੀਮਤ ਕਰ ਰਿਹਾ ਹੈ। ਉਨ੍ਹਾਂ ਦਾ ਇਹ ਵੀ ਦਾਅਵਾ ਹੈ ਕਿ ਓ.ਪੀ.ਟੀ. ‘ਤੇ ਕੰਮ ਕਰਨ ਵਾਲੇ ਵਿਦੇਸ਼ੀ ਕਾਮਿਆਂ ਨੂੰ ਇੱਕ ਨਿਸ਼ਚਿਤ ਸਮੇਂ ਲਈ ਕੁਝ ਟੈਕਸਾਂ ਤੋਂ ਛੋਟ ਦਿੱਤੀ ਜਾਂਦੀ ਹੈ, ਜਿਸ ਨਾਲ ਕੰਪਨੀਆਂ ਲਈ ਉਨ੍ਹਾਂ ਨੂੰ ਨੌਕਰੀ ‘ਤੇ ਰੱਖਣਾ ਸਸਤਾ ਹੋ ਜਾਂਦਾ ਹੈ।

ਸੈਨੇਟਰ ਨੇ ਕਿਹਾ ਕਿ ਦੋਵਾਂ ਪ੍ਰੋਗਰਾਮਾਂ ਵਿਚ ਦੁਰਵਿਵਹਾਰ ”ਬਹੁਤ ਜ਼ਿਆਦਾ ਵਿਆਪਕ” ਸੀ। ਉਸਨੇ ਡੀ.ਐੱਚ.ਐੱਸ. ਨੂੰ ਪੱਤਰ ਲਿਖ ਕੇ ਓ.ਪੀ.ਟੀ. ਦੀ ਮਿਆਦ ਅਤੇ ਦਾਇਰੇ ਦੀ ਸਮੀਖਿਆ ਕਰਨ ਦੀ ਮੰਗ ਕੀਤੀ।ਸੁਣਵਾਈ ਦੌਰਾਨ, ਹੋਮਲੈਂਡ ਸਿਕਿਓਰਿਟੀ ਸੈਕਟਰੀ ਕ੍ਰਿਸਟੀ ਨੋਏਮ ਨੇ ਪੁਸ਼ਟੀ ਕੀਤੀ ਕਿ ਵਿਭਾਗ ਇਸ ਮਾਮਲੇ ਦੀ ਸਮੀਖਿਆ ਕਰ ਰਿਹਾ ਹੈ ਅਤੇ ਇਹ ਪ੍ਰਕਿਰਿਆ 2026 ਤੱਕ ਪੂਰੀ ਹੋ ਜਾਵੇਗੀ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਕੀ ਇਹ ਪੁਨਰ-ਮੁਲਾਂਕਣ ਇਸ ਸਾਲ ਦੇ ਅੰਦਰ ਪੂਰਾ ਹੋ ਜਾਵੇਗਾ, ਤਾਂ ਉਨ੍ਹਾਂ ਦੁਹਰਾਇਆ ਕਿ ਸਮੀਖਿਆ ਜਾਰੀ ਹੈ ਅਤੇ ਸਮੇਂ ਸਿਰ ਪੂਰੀ ਹੋ ਜਾਵੇਗੀ।ਇਹ ਚਰਚਾ ਮੁੱਖ ਤੌਰ ‘ਤੇ ਇਮੀਗ੍ਰੇਸ਼ਨ ਨੀਤੀ, ਸਰਹੱਦੀ ਸੁਰੱਖਿਆ ਅਤੇ ਗੈਰ-ਕਾਨੂੰਨੀ ਪ੍ਰਵਾਸੀਆਂ ਵਿਰੁੱਧ ਕਾਰਵਾਈ ‘ਤੇ ਕੇਂਦ੍ਰਿਤ ਸੁਣਵਾਈ ਦਾ ਹਿੱਸਾ ਸੀ। ਹਾਲਾਂਕਿ, ਐੱਚ-1ਬੀ ਅਤੇ ਓ.ਪੀ.ਟੀ. ‘ਤੇ ਬਹਿਸ ਕਾਨੂੰਨੀ ਇਮੀਗ੍ਰੇਸ਼ਨ ਮਾਰਗਾਂ ਨਾਲ ਸਬੰਧਤ ਸੀ, ਗੈਰ-ਕਾਨੂੰਨੀ ਇਮੀਗ੍ਰੇਸ਼ਨ ਵਿਰੁੱਧ ਕਾਰਵਾਈ ਨਾਲ ਨਹੀਂ।

ਇਹ ਧਿਆਨ ਦੇਣ ਯੋਗ ਹੈ ਕਿ ਗ੍ਰਹਿ ਸੁਰੱਖਿਆ ਵਿਭਾਗ ਵੀਜ਼ਾ ਪ੍ਰੋਗਰਾਮਾਂ ਅਤੇ ਇਮੀਗ੍ਰੇਸ਼ਨ ਨਿਯਮਾਂ ਦੀ ਨਿਗਰਾਨੀ ਕਰਦਾ ਹੈ। ਇਸ ਦੇ ਤਹਿਤ, ਯੂ.ਐੱਸ. ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ (ਯੂ.ਐੱਸ.ਸੀ.ਆਈ.ਐੱਸ.) ਅਤੇ ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ (ਆਈ.ਸੀ.ਈ.) ਵਰਗੀਆਂ ਏਜੰਸੀਆਂ ਕੰਮ ਕਰਦੀਆਂ ਹਨ।

## 7 ਰਾਜਾਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਉਪ ਰਾਜਪਾਲ ਬਦਲੇ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀਰਵਾਰ ਨੂੰ 7 ਰਾਜਾਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਹਨ, ਭਾਵ ਕਿ ਉਪ ਰਾਜਪਾਲ ਬਦਲ ਦਿੱਤੇ ਗਏ ਹਨ। ਪੱਛਮੀ ਬੰਗਾਲ ਦੇ ਰਾਜਪਾਲ ਸੀ ਵੀ ਆਨੰਦ ਬੋਸ ਨੇ ਅਸਤੀਫ਼ਾ ਦੇ ਦਿੱਤਾ ਸੀ ਅਤੇ ਉਨ੍ਹਾਂ ਦੀ ਜਗ੍ਹਾ ਬੰਗਾਲ ਵਿੱਚ ਤਾਮਿਲਨਾਡੂ ਦੇ ਸਾਬਕਾ ਰਾਜਪਾਲ ਆਰ ਐਨ ਰਵੀ ਨੇ ਲਿਆ ਹੈ।

2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਉਪ ਰਾਜਪਾਲ ਬਦਲੇ ਗਏ ਹਨ। ਜਿਨ੍ਹਾਂ ‘ਚ ਲੱਦਾਖ ਦੇ ਉਪ ਰਾਜਪਾਲ ਕਵਿੰਦਰ ਗੁਪਤਾ ਨੇ ਅਸਤੀਫ਼ਾ ਦੇ ਦਿੱਤਾ ਸੀ। ਉਨ੍ਹਾਂ ਨੂੰ ਹਿਮਾਚਲ ਪ੍ਰਦੇਸ਼ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਥਾਂ ਵਿਨੈ ਕੁਮਾਰ ਸਕਸੈਨਾ ਨੂੰ ਲੱਦਾਖ ਦਾ ਉਪ ਰਾਜਪਾਲ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦਾ ਉਪ ਰਾਜਪਾਲ ਨਿਯੁਕਤ ਕੀਤਾ ਗਿਆ ਹੈ।ਜਿਨ੍ਹਾਂ ਸੱਤ ਸੂਬਿਆਂ ਦੇ ਉੱਪ ਰਾਜਪਾਲ ਬਦਲੇ ਗਏ ਹਨ, ਉਨ੍ਹਾਂ ‘ਚ ਪੱਛਮੀ ਬੰਗਾਲ ਦਾ ਉਪ ਰਾਜਪਾਲ ਆਰ.ਐਨ. ਰਵੀ ਨੂੰ ਲਾਇਆ ਗਿਆ ਹੈ। ਮਹਾਰਾਸ਼ਟਰ ਦਾ ਉਪ ਰਾਜਪਾਲ ਜਿਸ਼ਨੂ ਦੇਵ ਵਰਮਾ ਨੂੰ ਲਾਇਆ ਗਿਆ ਹੈ। ਬਿਹਾਰ ਦਾ ਉਪ ਰਾਜਪਾਲ ਲੈਫਟੀਨੈਂਟ ਜਨਰਲ (ਸੇਵਾਮੁਕਤ) ਸਈਅਦ ਅਤਾ ਹਸਨੈਨ ਨੂੰ ਲਾਇਆ ਗਿਆ ਹੈ। ਤਾਮਿਲਨਾਡੂ ਦਾ ਉਪ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ (ਵਰਤਮਾਨ ਵਿੱਚ ਕੇਰਲ ਦੇ ਰਾਜਪਾਲ) ਨੂੰ ਲਾਇਆ ਗਿਆ ਹੈ। ਤੇਲੰਗਾਨਾ ਦਾ ਉਪ ਰਾਜਪਾਲ ਸ਼ਿਵ ਪ੍ਰਤਾਪ ਸ਼ੁਕਲਾ ਨੂੰ ਲਾਇਆ ਗਿਆ ਹੈ। ਹਿਮਾਚਲ ਪ੍ਰਦੇਸ਼ ਦਾ ਉਪ ਰਾਜਪਾਲ ਕਵਿੰਦਰ ਗੁਪਤਾ ਨੂੰ ਲਾਇਆ ਗਿਆ ਹੈ। ਨਾਗਾਲੈਂਡ ਦਾ ਉਪ ਰਾਜਪਾਲ ਨੰਦ ਕਿਸ਼ੋਰ ਯਾਦਵ ਨੂੰ ਲਾਇਆ ਗਿਆ ਹੈ।ਮੁੱਖ ਮੰਤਰੀ ਮਮਤਾ ਬੈਨਰਜੀ ਨੇ ਬੋਸ ਦੇ ਅਸਤੀਫ਼ੇ ‘ਤੇ ਹੈਰਾਨੀ ਪ੍ਰਗਟ ਕੀਤੀ। ਉਨ੍ਹਾਂ ਕਿਹਾ, “ਕੇਂਦਰੀ ਗ੍ਰਹਿ ਮੰਤਰੀ ਨੇ ਹੁਣੇ ਮੈਨੂੰ ਸੂਚਿਤ ਕੀਤਾ ਹੈ ਕਿ ਆਰ ਐਨ ਰਵੀ ਨੂੰ ਪੱਛਮੀ ਬੰਗਾਲ ਦਾ ਰਾਜਪਾਲ ਨਿਯੁਕਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਮੇਰੇ ਨਾਲ ਸਲਾਹ ਨਹੀਂ ਕੀਤੀ। ਇਹ ਕੇਂਦਰ ਦਾ ਇਕਪਾਸੜ ਫੈਸਲਾ ਹੈ।” ਬੋਸ 23 ਨਵੰਬਰ, 2022 ਨੂੰ ਬੰਗਾਲ ਦੇ ਰਾਜਪਾਲ ਬਣੇ। ਗੁਪਤਾ ਨੇ 18 ਜੁਲਾਈ, 2025 ਨੂੰ ਅਹੁਦਾ ਸੰਭਾਲਿਆ ਸੀ।

## ਸਿੱਖ ਕੋਲੀਸ਼ਨ ਵੱਲੋਂ ਪ੍ਰਵਾਸੀ ਡਰਾਈਵਰਾਂ ਲਈ ਅਦਾਲਤੀ ਰਾਹਤ ਦਾ ਸਵਾਗਤ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਸਿੱਖ ਕੋਲੀਸ਼ਨ ਨੇ ਕੈਲੀਫੋਰਨੀਆ ਅਦਾਲਤ ਦੇ 3 ਮਾਰਚ ਦੇ ਫੈਸਲੇ ਨੂੰ 'ਪ੍ਰਵਾਸੀ ਡਰਾਈਵਰਾਂ ਦੀ ਆਰਥਿਕ ਸੁਰੱਖਿਆ ਵੱਲ ਇੱਕ ਮਹੱਤਵਪੂਰਨ ਕਦਮ' ਕਿਹਾ, ਚੇਤਾਵਨੀ ਦਿੱਤੀ ਕਿ ਨੌਕਰੀਆਂ ਦੇ ਨੁਕਸਾਨ ਨੂੰ ਰੋਕਣ ਲਈ ਇਸਦਾ ਤੁਰੰਤ ਲਾਗੂ ਕਰਨਾ ਜ਼ਰੂਰੀ ਹੈ। ਉਨ੍ਹਾਂ ਦੀ ਪ੍ਰਤੀਕਿਰਿਆ ਅਲਾਮੇਡਾ ਕਾਊਂਟੀ ਸੁਪੀਰੀਅਰ ਕੋਰਟ ਦੁਆਰਾ ਕੈਲੀਫੋਰਨੀਆ ਡਿਪਾਰਟਮੈਂਟ ਆਫ਼ ਮੋਟਰ ਵਹੀਕਲਜ਼ (ਡੀ.ਐੱਮ.ਵੀ.) ਨੂੰ ਲਗਭਗ 20,000 ਪ੍ਰਵਾਸੀ ਵਪਾਰਕ ਡਰਾਈਵਰਾਂ ਨੂੰ ਵਪਾਰਕ ਡਰਾਈਵਿੰਗ ਲਾਇਸੈਂਸਾਂ ਲਈ ਤੁਰੰਤ ਦੁਬਾਰਾ ਅਰਜ਼ੀ ਦੇਣ ਅਤੇ ਉਨ੍ਹਾਂ ਨੂੰ ਵਾਜਬ ਸਮੇਂ ਦੇ ਅੰਦਰ ਦੁਬਾਰਾ ਜਾਰੀ ਕਰਨ ਦੇ ਆਦੇਸ਼ ਦੇਣ ਤੋਂ ਬਾਅਦ ਆਈ।2 ਮਾਰਚ ਦਾ ਫੈਸਲਾ ਦਸੰਬਰ 2025 ‘ਚ ਸਿੱਖ ਕੋਲੀਸ਼ਨ, ਏਸ਼ੀਅਨ ਲਾਅ ਕਾਕਸ, ਜਕਾਰਾ ਮੂਵਮੈਂਟ ਅਤੇ ਵੇਲ, ਗੋਟਸ਼ਾਲ ਅਤੇ ਮੈਂਗੇਸ ਦੁਆਰਾ ਦਾਇਰ ਕੀਤੇ ਗਏ ਇੱਕ ਸਮੂਹਿਕ ਮੁਕੱਦਮੇ ਤੋਂ ਬਾਅਦ ਆਇਆ ਹੈ। ਐਕਸ ‘ਤੇ ਇੱਕ ਪੋਸਟ ਵਿਚ, ਗੱਠਜੋੜ ਨੇ ਕਿਹਾ, ”ਕੱਲ੍ਹ, ਸਾਨੂੰ ਕੈਲੀਫੋਰਨੀਆ ਡੀ.ਐੱਮ.ਵੀ. ਵਿਰੁੱਧ ਸਾਡੇ ਮੁਕੱਦਮੇ ਵਿਚ ਇੱਕ ਫੈਸਲਾ ਮਿਲਿਆ।” ਅਦਾਲਤ ਦਾ ਆਦੇਸ਼ ਪ੍ਰਵਾਸੀ ਡਰਾਈਵਰਾਂ ਲਈ ਆਰਥਿਕ ਸੁਰੱਖਿਆ ਵੱਲ ਇੱਕ ਮਹੱਤਵਪੂਰਨ ਕਦਮ ਹੈ, ਪਰ ਵੇਰਵੇ ਮਾਇਨੇ ਰੱਖਦੇ ਹਨ।ਸਹਿ-ਮੁਦਈਆਂ ਨਾਲ ਇੱਕ ਸਾਂਝੇ ਬਿਆਨ ਵਿਚ, ਗੱਠਜੋੜ ਨੇ ਫੈਸਲੇ ਦਾ ਸਵਾਗਤ ਕੀਤਾ ਪਰ ਚਿੰਤਾ ਪ੍ਰਗਟ ਕੀਤੀ ਕਿ ਫੈਸਲੇ ਨੇ ਮੁੜ ਸ਼ੁਰੂ ਕਰਨ ਲਈ ਕੋਈ ਖਾਸ ਸਮਾਂ-ਸੀਮਾ ਨਿਰਧਾਰਤ ਨਹੀਂ ਕੀਤੀ। 6 ਮਾਰਚ ਤੋਂ ਸ਼ੁਰੂ ਹੋਣ ਵਾਲੀਆਂ ਸੇਵਾਵਾਂ ਰੱਦ ਕਰਨ ਦੀ ਸੰਭਾਵਨਾ ਨੂੰ ਦੇਖਦੇ ਹੋਏ, ਬਿਆਨ ਵਿਚ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਕੈਲੀਫੋਰਨੀਆ ਡੀ.ਐੱਮ.ਵੀ. ਤੁਰੰਤ ਕਾਰਵਾਈ ਨਹੀਂ ਕਰਦਾ ਹੈ, ਤਾਂ ਇਹ ਡਰਾਈਵਰ 6 ਮਾਰਚ ਨੂੰ ਕੰਮ ਕਰਨ ਦੇ ਯੋਗ ਨਹੀਂ ਹੋਣਗੇ।

ਇਸ ਵਿਚ ਅੱਗੇ ਕਿਹਾ ਗਿਆ ਹੈ ਕਿ ਜੇਕਰ ਰਾਜ ਕੋਈ ਸਥਾਈ ਹੱਲ ਨਹੀਂ ਲੱਭਦਾ ਹੈ, ਤਾਂ ਡਰਾਈਵਰ ਨਾ ਸਿਰਫ਼ ਆਪਣੀ ਆਮਦਨ ਦਾ ਕੁਝ ਜਾਂ ਸਾਰਾ ਹਿੱਸਾ ਗੁਆ ਸਕਦੇ ਹਨ, ਸਗੋਂ ਸੰਭਾਵੀ ਤੌਰ ‘ਤੇ ਆਪਣੇ ਕਰੀਅਰ ਨੂੰ ਵੀ ਗੁਆ ਸਕਦੇ ਹਨ।

ਪ੍ਰਭਾਵਿਤ ਡਰਾਈਵਰਾਂ ਵਿਚ ਟਰੱਕ ਡਰਾਈਵਰ, ਜਨਤਕ ਆਵਾਜਾਈ ਸੰਚਾਲਕ ਅਤੇ ਨਗਰਪਾਲਿਕਾ ਕਰਮਚਾਰੀ ਸ਼ਾਮਲ ਹਨ, ਜਿਨ੍ਹਾਂ ਦੇ ਇਮੀਗ੍ਰੇਸ਼ਨ ਦਰਜੇ ਵਿਚ ਡੀ.ਏ.ਸੀ.ਏ. ਪ੍ਰਾਪਤਕਰਤਾ, ਅਸਥਾਈ ਸੁਰੱਖਿਅਤ ਸਥਿਤੀ ਧਾਰਕ, ਸ਼ਰਨਾਰਥੀ ਅਤੇ ਹੋਰ ਸ਼ਾਮਲ





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company.
policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਲਤਾੜੇ ਹੋਏ ਲੋਕਾਂ ਦਾ ਸ਼ਾਇਰ-ਮਹਿੰਦਰ ਸਿੰਘ ਮਾਨ



ਮਹਿੰਦਰ ਸਿੰਘ ਮਾਨ ਪੰਜਾਬੀ ਕਾਵਿ ਖੇਤਰ ਦਾ ਅਜਿਹਾ ਨਾਂ ਹੈ, ਜੋ ਪੂਰੀ ਨਿਰੰਤਰਤਾ ਨਾਲ ਪੰਜਾਬੀ ਕਵਿਤਾ ਦੀ ਰਚਨਾਤਮਕ ਜ਼ਮੀਨ ਨਾਲ ਜੁੜਿਆ ਹੋਇਆ ਹੈ। ਉਸ ਦਾ ਜਨਮ ਵੀਹ ਅਪ੍ਰੈਲ 1956 ਨੂੰ ਪਿੰਡ ਰੱਕੜਾਂ ਢਾਹਾ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਪਿਤਾ ਸ੍ਰੀ ਦੀਵਾਨ ਸਿੰਘ ਮਾਨ ਅਤੇ ਮਾਤਾ ਸ੍ਰੀਮਤੀ ਕਰਤਾਰ ਕੌਰ ਦੇ ਘਰ ਹੋਇਆ। ਉਸ ਨੇ ਕੇ.ਐੱਸ.ਡੀ. ਹਾਈ ਸਕੂਲ ਮਹਿੰਦ ਪੁਰ ਤੋਂ ਦਸਵੀਂ ਕਲਾਸ ਪਾਸ ਕੀਤੀ। ਪੰਜਾਬੀ ਦੇ ਮੈਗਜ਼ੀਨ ਜਾਗ੍ਰਤੀ, ਪ੍ਰੀਤਲੜੀ ਤੇ ਆਰਸੀ ਪੜ੍ਹ ਕੇ ਉਸ ਦਾ ਝੁਕਾਅ ਕਵਿਤਾ ਲਿਖਣ ਵੱਲ ਹੋ ਗਿਆ। ਆਰ.ਕੇ.ਆਰੀਆ ਕਾਲਜ ਨਵਾਂ ਸ਼ਹਿਰ ਤੋਂ ਉਸ ਨੇ ਬੀ.ਐੱਸ.ਸੀ. ਕੀਤੀ ਤੇ ਫਿਰ ਡੀ.ਏ.ਐੱਨ.ਕਾਲਜ ਆਫ ਐਜੂਕੇਸ਼ਨ ਨਵਾਂ ਸ਼ਹਿਰ ਤੋਂ ਬੀ.ਐੱਡ. ਕੀਤੀ। ਪੜ੍ਹਾਈ ਦੌਰਾਨ ਉਸ ਨੇ ਲਿਖਣਾ ਜਾਰੀ ਰੱਖਿਆ। ਸਰਕਾਰੀ ਹਾਈ ਸਕੂਲ ਕੌਲ ਗੜ੍ਹ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਸਾਇੰਸ ਮਾਸਟਰ ਵਜੋਂ ਕੰਮ ਕਰਦਿਆਂ ਪਹਿਲਾ ਕਾਵਿ ਸੰਗ੍ਰਹਿ 'ਚੜ੍ਹਿਆ ਸੂਰਜ' ਪਾਠਕਾਂ ਦੀ ਨਜ਼ਰ ਕੀਤਾ। ਉਸਤਾਦ ਗ਼ਜ਼ਲਕਾਰ ਸ੍ਰੀ ਮਹਿੰਗਾ ਸਿੰਘ ਹੋਸ਼ ਤੇ ਗ਼ਜ਼ਲਕਾਰ ਸ੍ਰੀ ਆਤਮਾ ਰਾਮ ਕਿਸ਼ਨ ਪੁਰੀ ਦੇ ਸੰਪਰਕ ਵਿੱਚ ਆਣ ਨਾਲ ਉਸ ਨੇ ਗ਼ਜ਼ਲਾਂ ਬਹਿਰਾਂ ਵਿੱਚ ਲਿਖਣੀਆਂ ਸ਼ੁਰੂ ਕੀਤੀਆਂ। ਫਿਰ ਉਸ ਨੇ ਕਾਵਿ ਸੰਗ੍ਰਹਿ 'ਫੁੱਲ ਅਤੇ ਖ਼ਾਰ' 'ਸੂਰਜ ਦੀਆਂ ਕਿਰਨਾਂ',' ਖ਼ਜ਼ਾਨਾ' ਅਤੇ 'ਸੂਰਜ ਹਾਲੇ ਡੁੱਬਿਆ ਨਹੀਂ, ' 'ਜ਼ਿੰਦਗੀ ਦੀ ਪੂੰਜੀ ' ਪੰਜਾਬੀ ਪਾਠਕਾਂ ਦੀ ਨਜ਼ਰ ਕੀਤੇ। 'ਮਘਦਾ ਸੂਰਜ' ਉਸ ਦਾ ਗ਼ਜ਼ਲ ਸੰਗ੍ਰਹਿ ਹੈ। ਉਸ ਦੀਆਂ ਕਾਵਿ ਰਚਨਾਵਾਂ ਦੇਸ਼ ਸੇਵਕ, ਪੰਜਾਬੀ ਜਾਗਰਣ, ਪੰਜਾਬੀ ਟ੍ਰਿਬਿਊਨ, ਸਪੋਕਸਮੈਨ, ਨਵਾਂ ਜ਼ਮਾਨਾ, ਸੱਚ ਕਹੂੰ,ਸੂਰਜ, ਆਸ਼ਿਆਨਾ ਤੇ ਅੱਜ ਦੀ ਆਵਾਜ਼ ਅਖਬਾਰਾਂ ਵਿੱਚ ਛੱਪ ਚੁੱਕੀਆਂ ਹਨ। ਜਾਗ੍ਰਤੀ, ਜਨ ਸਾਹਿਤ, ਸ਼ਬਦ ਬੂੰਦ, ਸੋਚ ਦੀ ਸ਼ਕਤੀ, ਮੁਹਾਂਦਰਾ, ਸਾਹਿਤਕ ਕਲਾਕਾਰ, ਪ੍ਰਤੀਮਾਨ, ਸੂਲ ਸੁਰਾਹੀ, ਰੂਪਾਂਤਰ, ਸ਼ਬਦ ਤ੍ਰਿਞ੍ਹੰਜਣ,ਰੂਹ ਪੰਜਾਬੀ,ਸੁਆਣੀ, ਅਸਲੀ ਮੀਰਜ਼ਾਦਾ,ਹਰਕਾਰਾ,ਮਹਿਰਮ, ਅਦਬੀ ਮਹਿਕ ਤੇ ਪੰਜ ਦਰਿਆ ਮੈਗਜ਼ੀਨਾਂ ਵਿੱਚ ਛੱਪ ਚੁੱਕੀਆਂ ਹਨ। ਸਾਂਝੇ ਕਾਵਿ ਸੰਗ੍ਰਹਿਆਂ ਮਹਿਕ ਸ਼ਬਦਾਂ ਦੀ, ਬਾਰ ਪਰਾਏ ਬੈਸਣਾ, ਮਾਂ ਬੋਲੀ ਦੇ ਸਿਰਨਾਵੇਂ, ਕਾਵਿ ਰਿਸ਼ਮਾਂ, ਜਾਗਦੇ ਬੋਲ, ਸਾਂਝੀ ਪਰਵਾਜ਼,ਸਾਂਝੀਆਂ ਸੁਰਾਂ, ਕਲਮਾਂ ਦਾ ਸਫਰ, ਕਲਮਾਂ ਦੀ ਪਰਵਾਜ਼,ਕਲਮਾਂ ਦੇ ਸਿਰਨਾਵੇਂ, ਕਲਮਾਂ ਦੇ ਯੋਧੇ, ਕਾਵਿ ਤ੍ਰਿਵੈਣੀ, ਮਹਿਕਾਂ ਦਾ ਦਰਿਆ, ਮਹਿਕਦੇ ਅੱਖਰ, ਮਹਿਫਲ ਸ਼ਬਦਾਂ ਦੀ, ਨੀਲਾ ਅੰਬਰ, ਅਰਸ਼ਦੀਪ ਤੇ ਸੱਧਰਾਂ ਦੀ ਫੁਲਕਾਰੀ ਵਿੱਚ ਕਾਵਿ ਰਚਨਾਵਾਂ ਸ਼ਾਮਲ ਹਨ। ਜਦੋਂ ਅਸੀਂ ਉਸ ਦੀ ਸ਼ਾਇਰੀ ਦੀ ਯਾਤਰਾ ਤੇ ਨਜ਼ਰਸਾਨੀ ਕਰਦੇ ਹਾਂ, ਤਾਂ ਇਹ ਗੱਲ ਉਭਰਵੇਂ ਰੂਪ ਵਿੱਚ ਸਾਹਮਣੇ ਆਉਂਦੀ ਹੈ ਕਿ ਉਹ ਪ੍ਰਤੀਬੱਧ ਰੂਪ ਵਿੱਚ ਪ੍ਰਗਤੀਵਾਦੀ ਸ਼ਾਇਰ ਹੈ, ਜੋ ਸਮਾਜ ਵਿੱਚੋਂ ਹਰੇਕ ਪ੍ਰਕਾਰ ਦੀ ਬੁਰਿਆਈ ਅਤੇ ਮਾਨਵ ਵਿਰੋਧੀ ਸ਼ਕਤੀਆਂ ਦਾ ਅੰਤ ਚਾਹੁੰਦਾ ਹੈ ਤਾਂ ਕਿ ਸਮਾਜ ਸੁਖੀ ਵਸੇਙ ਉਹ ਸਾਦੇ ਸ਼ਬਦਾਂ ਵਿੱਚ ਅਜਿਹੀ ਗੱਲ ਕਰਦਾ ਹੈ ਜੋ ਪਾਠਕ ਦੇ ਧੁਰ ਅੰਦਰ ਜਾ ਅਸਰ-ਅੰਦਾਜ਼ ਹੁੰਦੀ ਹੈ। ਉਸ ਦੀ ਸ਼ਾਇਰੀ ਵਿੱਚ ਕਿਸੇ ਵੀ ਤਰ੍ਹਾਂ ਦੀ ਸੱਤਾ ਦੀ ਚਾਪਲੂਸੀ ਨਹੀਂ। ਉਹ ਤਾਂ ਦੱਬਿਆਂ, ਲਤਾੜਿਆਂ ਦਾ ਹਮਦਰਦ ਸ਼ਾਇਰ ਹੈਙ ਉਨ੍ਹਾਂ ਦਾ ਹੀ ਦਰਦ ਉਸਦੀ ਸ਼ਾਇਰੀ ਵਿੱਚ ਭਰਿਆ ਹੋਇਆ ਹੈ ਪਰ ਉਹ ਇਸ ਗੱਲੋਂ ਵੀ ਸੁਚੇਤ ਹੈ ਕਿ ਵਿਹਲੇ ਅਤੇ ਲਾਪ੍ਰਵਾਹ ਜੇ ਕਰ ਦੁੱਖ ਭੋਗਦੇ ਹਨ, ਇਸ ਵਿੱਚ ਸਮਾਜ ਉੱਨਾ ਜ਼ਿੰਮੇਵਾਰ ਨਹੀਂ ਜਿੰਨੇ ਕਿ ਉਹ ਲੋਕ ਖ਼ੁਦ ਹਨ। ਉਹ ਤਾਂ ਸਿਰਫ ਕਿਰਤੀ ਤੇ ਮਿਹਨਤੀ ਲੋਕਾਂ ਦੀ ਹਾਮੀ ਭਰਦਾ ਹੈ।

ਉਹ ਤਾਂ ਕਿਰਤ ਨੂੰ ਆਪਣਾ ਮਿਸ਼ਨ ਅਤੇ ਇਸ਼ਟ ਮੰਨਦਾ ਹੈ। ਜ਼ਿੰਦਗੀ ਦੀ ਕਰਮਸ਼ੀਲਤਾ ਵਿੱਚ ਉਸ ਦਾ ਅਟੁੱਟ ਵਿਸ਼ਵਾਸ ਹੈ।

ਉਸ ਨੂੰ ਇਹ ਵੀ ਪਤਾ ਹੈ ਕਿ ਸਮਾਜ ਵਿੱਚ ਨਾਂਹਵਾਦੀ ਤਾਕਤਾਂ ਦੇ ਹੱਥ ਬੜੇ ਲੰਬੇ ਹਨ। ਇਸੇ ਕਰਕੇ ਹੀ ਗਰੀਬਾਂ, ਮਜ਼ਦੂਰਾਂ, ਕਿਰਤੀਆਂ, ਮਿਹਨਤੀਆਂ ਦੇ ਹੱਕਾਂ 'ਤੇ ਡਾਕੇ ਮਾਰ ਕੇ ਉਹ ਲੋਕ ਐਸ਼ ਪ੍ਰਸਤੀ ਵਾਲਾ ਜੀਵਨ ਬਤੀਤ ਕਰ ਰਹੇ ਹਨ। ਉਸ ਦੀ ਸ਼ਾਇਰੀ ਹਰੇਕ ਉਸ ਮਿਹਨਤਕਸ਼ ਨੂੰ ਇਸ ਸੋਸ਼ਣ ਪ੍ਰਤੀ ਸੁਚੇਤ ਕਰਦੀ ਹੈ, ਜੋ ਸੁੱਤੇ ਸਿੱਧ ਆਪਣੀ ਰੋਜ਼ੀ ਰੋਟੀ ਕਮਾਉਂਦਾ ਤਾਂ ਹੈ ਪਰ ਮਿਹਨਤ ਦਾ ਮੁੱਲ ਉਸ ਨੂੰ ਮਿਲਦਾ ਨਹੀਂ। ਉਸ ਦੀ ਮਿਹਨਤ ਉੱਤੇ ਸਾਧਨ ਸੰਪੰਨ ਲੋਕ ਐਸ਼ ਪ੍ਰਸਤੀ ਕਰਦੇ ਹਨ। ਇਸ ਕਰਕੇ ਉਸ ਦੇ ਸ਼ਿਅਰਾਂ ਦੇ ਪਾਤਰ ਮਿਹਨਤੀ, ਕਿਰਤੀ, ਮਜ਼ਦੂਰ, ਕਾਮੇ ਹਨ ਜੋ ਜਾਗ੍ਰਿਤ ਅਵਸਥਾ ਵਿੱਚ ਨਹੀਂ। ਇਸ ਕਰਕੇ ਵਿਵਸਥਾ ਉਨ੍ਹਾਂ ਦੀ ਲੁੱਟ-ਘਸੁੱਟ ਕਰ ਰਹੀ ਹੈ।

ਮਿਹਨਤ ਕਰਨ ਵਾਲਿਆਂ ਦੇ ਸੋਸ਼ਣ ਦੀ ਉਹ ਕੇਵਲ ਕਹਾਣੀ ਹੀ ਨਹੀਂ ਸੁਣਾਉਂਦਾ ਸਗੋਂ ਇੱਕ ਲੋਕ ਸੰਘਰਸ਼ ਕਰਕੇ ਆਪਣੇ ਹੱਕਾਂ ਦੀ ਰਖਵਾਲੀ ਕਰਨ ਅਤੇ ਆਪਣੇ ਹੱਕ ਖੋਹਣ ਦਾ ਹੋਕਾ ਵੀ ਦਿੰਦਾ ਹੈ। ਉਹ ਇਸ ਗੱਲੋਂ ਵੀ ਸੁਚੇਤ ਹੈ ਕਿ ਕੇਵਲ ਗੱਲਾਂ ਕਰਨ, ਫੋਕੀ ਭਾਸ਼ਨਬਾਜ਼ੀ ਕਰਨ ਦਾ ਉੱਨਾ ਚਿਰ ਕੋਈ ਲਾਭ ਨਹੀਂ, ਜਦੋਂ ਤੱਕ ਲੋਕ ਕਿਸੇ ਲੋਕ ਲਹਿਰ ਦਾ ਰੂਪ ਧਾਰ ਕੇ ਆਪਣੇ ਹੋ ਰਹੇ ਸੋਸ਼ਣ ਦਾ ਵਿਰੋਧ ਨਹੀਂ ਕਰਦੇ ਅਤੇ ਆਪਣੀ ਕਿਰਤ ਦੀ ਮਿਹਨਤ ਦਾ ਮੁੱਲ ਨਹੀਂ ਪੁਆਂਉਂਦੇ। ਇਹ ਗੱਲ ਪੂਰੇ ਵਿਸ਼ਵਾਸ ਨਾਲ ਆਖੀ ਜਾ ਸਕਦੀ ਹੈ ਕਿ ਸ਼ਾਇਰੀ ਉਸ ਦੀ ਸਿਰਜਨਾਤਮਕ ਅਤੇ ਜਰਖ਼ੇਜ਼ ਪ੍ਰਤਿਭਾਸ਼ਾਲੀ ਸ਼ਖਸੀਅਤ ਲਈ ਕੋਈ ਰੱਬੀ ਇਲਹਾਮ ਨਹੀਂ ਹੈ ਅਤੇ ਨਾ ਹੀ ਉਹ ਕਿਸੇ ਹੋਰ ਧਰਤੀ ਦੇ ਲੋਕਾਂ ਦੀ ਬਾਤ ਪਾਉਂਦੀ ਹੈ, ਪਰ ਉਹ ਤਾਂ ਆਮ ਜੀਵਨ ਵਰਤਾਰੇ ਵਿੱਚੋਂ ਹੀ ਆਪਣੀ ਸ਼ਾਇਰੀ ਦਾ ਅਨੁਭਵ ਗ੍ਰਹਿਣ ਕਰਦਾ ਹੈ ਅਤੇ ਫਿਰ ਉਸ ਨੂੰ ਸ਼ਬਦਾਂ ਦਾ ਜਾਮਾ ਪਹਿਨਾ ਕੇ ਸ਼ਿਅਰਾਂ ਦੇ ਰੂਪ ਵਿੱਚ ਪਾਠਕਾਂ ਅੱਗੇ ਪੇਸ਼ ਕਰਦਾ ਹੈ।

ਉਸ ਦੀ ਸ਼ਾਇਰੀ ਦੀ ਇਹ ਵਿਸ਼ੇਸ਼ਤਾ ਹੈ ਕਿ ਉਹ ਕਿਸੇ ਵੀ ਟੀਚੇ ਨੂੰ ਪਾਣ ਲਈ ਆਪਣੀ ਸ਼ਾਇਰੀ ਵਿੱਚ ਹਾਂ-ਵਾਦੀ ਅਤੇ ਉਸਾਰੂ ਕਦਰਾਂ-ਕੀਮਤਾਂ ਧਾਰਨ ਲਈ ਹੀ ਅਪੀਲ ਕਰਦਾ ਹੈ ਕਿਉਂਕਿ ਠੀਕ ਰਸਤੇ ਤੇ ਤੁਰਨ ਨਾਲ ਹੀ ਉਹ ਦੂਜਿਆਂ ਲਈ ਚਾਨਣ ਮੁਨਾਰਾ ਬਣਨ ਦੀ ਕਾਮਨਾ ਕਰਦਾ ਹੈ। ਮੰਜ਼ਲ ਦੀ ਪ੍ਰਾਪਤੀ ਲਈ ਹੱਥ-ਕੰਡੇ ਵਰਤਣ, ਸਵਾਰਥ ਦੀ ਜ਼ਿੰਦਗੀ ਜਿਊਣ ਅਤੇ ਸਰਬੱਤ ਦੇ ਭਲੇ ਦੇ ਸੰਕਲਪ ਨੂੰ ਛੱਡ ਕੇ ਨਿੱਜੀ ਹਿੱਤਾਂ ਲਈ ਜਿਊਣਾ ਉਸ ਦੀ ਸੰਵੇਦਨਸ਼ੀਲ ਤਬੀਅਤ ਨੂੰ ਗਵਾਰਾ ਨਹੀਂ। ਉਸ ਨੂੰ ਇਨਾਮਾਂ, ਸਨਮਾਨਾਂ ਦੀ ਚਿੰਤਾ ਨਹੀਂ। ਉਹ ਨਿਰੰਤਰ ਦੱਬੇ-ਕੁਚਲੇ ਤੇ ਲਤਾੜੇ ਹੋਏ ਲੋਕਾਂ ਲਈ ਲਿਖ ਰਿਹਾ ਹੈ ਅਤੇ ਉਨ੍ਹਾਂ ਨੂੰ ਆਪਣੇ ਹੱਕਾਂ ਲਈ ਸੁਚੇਤ ਕਰ ਰਿਹਾ ਹੈ। ਉਹ ਇਸ ਵੇਲੇ 68 ਵਰ੍ਹਿਆਂ ਦਾ ਹੋ ਚੁੱਕਾ ਹੈ। ਰੱਬ ਅੱਗੇ ਅਰਦਾਸ ਹੈ ਕਿ ਉਸ ਦੀ ਸਿਹਤ ਠੀਕ ਰਹੇ ਅਤੇ ਲੁੱਟੇ ਜਾ ਰਹੇ ਲੋਕਾਂ ਨੂੰ ਸੁਚੇਤ ਕਰਦਾ ਰਹੇ।

**ਡਾਕਟਰ ਸਰਦੂਲ ਸਿੰਘ ਔਜਲਾ**
ਮੁਖੀ ਪੋਸਟ ਗਰੈਜੂਏਟ ਪੰਜਾਬੀ ਵਿਭਾਗ
ਡਿਪਸ ਕਾਲਜ ਢਿਲਵਾਂ(ਕਪੂਰਥਲਾ)
ਫੋਨ 9814168611







Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA · MasterCard · American Express · Discover Network




**1003 Moffat Blvd, Manteca CA 95336**

# 209-239-1551

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ।
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਸਟੋਰੇਜ ਦੇ ਸੰਕਟ ਨਾਲ ਜੂਝ ਰਹੇ ਕਿਸਾਨ

ਭਾਰਤ ਖੇਤੀਬਾੜੀ ਵਾਲਾ ਦੇਸ਼ ਹੈ, ਪਰ ਵਿਡੰਬਨਾ ਇਹ ਹੈ ਕਿ ਅਨਦਾਤਾ ਕੱਲਣ ਵਾਲੇ ਕਿਸਾਨ ਅੱਜ ਵੀ ਆਪਣੀ ਪੈਦਾਵਾਰ ਦੇ ਸੁਰੱਖਿਅਤ ਸਟੋਰੇਜ ਲਈ ਸੰਘਰਸ਼ ਕਰ ਰਹੇ ਹਨ। ਖੇਤਾਂ ਵਿੱਚ ਪਸੀਨੇ ਨਾਲ ਤਿਆਰ ਕੀਤੀ ਗਈ ਫਸਲ ਜਦੋਂ ਸਹੀ ਸਟੋਰੇਜ ਦੀ ਘਾਟ ਕਾਰਨ ਖਰਾਬ ਹੋ ਜਾਂਦੀ ਹੈ, ਤਾਂ ਇਹ ਨਾ ਸਿਰਫ਼ ਆਰਥਿਕ ਨੁਕਸਾਨ ਹੁੰਦਾ ਹੈ, ਸਗੋਂ ਕਿਸਾਨ ਦੀਆਂ ਉਮੀਦਾਂ 'ਤੇ ਵੀ ਸੱਟ ਲੱਗਦੀ ਹੈ।

ਸਮੱਸਿਆ ਦੀ ਜੜ੍ਹ

ਦੇਸ਼ ਵਿੱਚ ਅਨਾਜ ਉਤਪਾਦਨ ਲਗਾਤਾਰ ਵਧ ਰਿਹਾ ਹੈ, ਪਰ ਇਸਦੇ ਅਨੁਪਾਤ ਵਿੱਚ ਵਿਗਿਆਨਕ ਅਤੇ ਆਧੁਨਿਕ ਗੋਦਾਮਾਂ ਦੀ ਗਿਣਤੀ ਕਾਫ਼ੀ ਨਹੀਂ ਹੈ। ਕਈ ਪੇਂਡੂ ਖੇਤਰਾਂ ਵਿੱਚ ਕਿਸਾਨ ਆਪਣੀ ਫਸਲ ਨੂੰ ਖੁੱਲ੍ਹੇ ਜਾਂ ਅਸਥਾਈ ਟੀਨ-ਸ਼ੈਡ ਦੇ ਹੇਠਾਂ ਰੱਖਣ ਲਈ ਮਜਬੂਰ ਹਨ। ਮੀਂਹ, ਨਮੀ, ਕੀਟ ਅਤੇ ਚੂਹੇ ਅਨਾਜ ਨੂੰ ਖਰਾਬ ਕਰ ਦਿੰਦੇ ਹਨ।

ਛੋਟੇ ਅਤੇ ਸੀਮਾਂਤ ਕਿਸਾਨ, ਜਿਨ੍ਹਾਂ ਦੀ ਗਿਣਤੀ ਬਹੁਤ ਜ਼ਿਆਦਾ ਹੈ, ਉਹ ਨਿੱਜੀ ਗੋਦਾਮ ਕਿਰਾਏ 'ਤੇ ਵੀ ਨਹੀਂ ਲੈ ਸਕਦੇ। ਕਈ ਵਾਰ ਸਰਕਾਰੀ ਖਰੀਦ ਕੇਂਦਰਾਂ 'ਤੇ ਸਮੇਂ ਸਿਰ ਖਰੀਦ ਨਹੀਂ ਹੁੰਦੀ, ਜਿਸ ਨਾਲ ਕਿਸਾਨਾਂ ਨੂੰ ਜ਼ਬਰਦਸਤੀ ਫਸਲ ਆਉਣ-ਪਣ ਦੇ ਦਰਮਾਂ 'ਤੇ ਵੇਚਣੀ ਪੈਂਦੀ ਹੈ। ਇਸ ਨਾਲ ਉਨ੍ਹਾਂ ਦੀ ਆਮਦਨ 'ਤੇ ਅਸਰ ਪੈਂਦਾ ਹੈ।

ਸਰਕਾਰੀ ਯਤਨ ਅਤੇ ਸੀਮਾਵਾਂ

ਭਾਰਤੀ ਫੂਡ ਕਾਰਪੋਰੇਸ਼ਨ (ਐਫਸੀਆਈ) ਦੇਸ਼ ਵਿੱਚ ਅਨਾਜ ਦੀ ਖਰੀਦ ਅਤੇ ਸਟੋਰੇਜ ਦੀ ਪ੍ਰਮੁੱਖ ਜ਼ਿੰਮੇਵਾਰੀ ਨਿਭਾਉਂਦੀ ਹੈ। ਇਸ ਦੇ ਬਾਵਜੂਦ, ਸਟੋਰੇਜ ਸਮਰੱਥਾ ਕਈ ਰਾਜਾਂ ਵਿੱਚ ਮੰਗ ਤੋਂ ਘੱਟ ਹੈ। ਕੇਂਦਰੀ ਗੋਦਾਮ ਕਾਰਪੋਰੇਸ਼ਨ (ਸੀਡਬਲਯੂਸੀ) ਅਤੇ ਵੱਖ-ਵੱਖ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨਾਂ ਵੀ ਗੋਦਾਮ ਪ੍ਰਦਾਨ ਕਰਦੀਆਂ ਹਨ, ਪਰ ਪੇਂਡੂ ਪੱਧਰ 'ਤੇ ਉਨ੍ਹਾਂ ਦੀ ਪਹੁੰਚ ਸੀਮਤ ਹੈ। ਹਾਲ ਹੀ ਦੇ ਸਾਲਾਂ ਵਿੱਚ ਨਿੱਜੀ ਖੇਤਰ ਦੀ ਭਾਗੀਦਾਰੀ ਅਤੇ ਆਧੁਨਿਕ ਸਾਈਲੋ ਸਿਸਟਮ ਨੂੰ ਉਤਸ਼ਾਹਿਤ ਕਰਨ ਦੀਆਂ ਪਹਿਲਕਦਮੀਆਂ ਕੀਤੀਆਂ ਗਈਆਂ ਹਨ, ਪਰ ਇਸਦੇ ਲਾਭ ਅਜੇ ਤੱਕ ਸਾਰੇ ਕਿਸਾਨਾਂ ਤੱਕ ਨਹੀਂ ਪਹੁੰਚੇ ਹਨ।

ਪ੍ਰਭਾਵ

ਆਰਥਿਕ ਨੁਕਸਾਨ ਫਸਲ ਖਰਾਬ ਹੋਣ ਤੋਂ ਸਿੱਧੀ ਆਮਦਨ ਵਿੱਚ ਕਮੀ ਆਉਂਦੀ ਹੈ। ਕਰਜ਼ੇ ਦਾ ਦਬਾਅ ਨੁਕਸਾਨ ਦੀ ਭਰਪਾਈ ਲਈ ਕਿਸਾਨ ਕਰਜ਼ ਲੈਣ ਲਈ ਮਜਬੂਰ ਹੋ ਜਾਂਦੇ ਹਨ।

ਮਾਰਕੀਟ ਵਿੱਚ ਅਸਥਿਰਤਾ ਜਦੋਂ ਫਸਲ ਇੱਕ ਨਾਲ ਵੱਧ ਮਾਤਰਾ ਵਿੱਚ ਵਿਕਦੀ ਹੈ, ਤਾਂ ਕੀਮਤਾਂ ਡਿੱਗ ਜਾਂਦੀਆਂ ਹਨ।

ਭੋਜਨ ਸੁਰੱਖਿਆ 'ਤੇ ਅਸਰ ਮਾੜੇ ਸਟੋਰੇਜ ਤੋਂ ਰਾਸ਼ਟਰੀ ਪੱਧਰ 'ਤੇ ਵੀ ਅਨਾਜ ਦੀ ਬਰਬਾਦੀ ਹੁੰਦੀ ਹੈ।

ਹੱਲ ਦੀ ਦਿਸ਼ਾ

ਪੇਂਡੂ ਪੱਧਰ 'ਤੇ ਛੋਟੇ ਗੋਦਾਮ: ਪੰਚਾਇਤ ਪੱਧਰੀ ਕਮਿਊਨਿਟੀ ਸਟੋਰੇਜ ਕੇਂਦਰ ਸਥਾਪਤ ਕੀਤੇ ਜਾਣ।

ਵਿਗਿਆਨਕ ਤਕਨੀਕ ਦੀ ਵਰਤੋਂ: ਆਧੁਨਿਕ ਸਾਈਲੋ, ਕੋਲਡ ਸਟੋਰੇਜ ਅਤੇ ਨਮੀ-ਰੋਧਕ ਤਕਨਾਲੋਜੀ ਨੂੰ ਉਤਸ਼ਾਹਿਤ ਕੀਤਾ ਜਾਵੇ।

ਵੇਅਰਹਾਊਸ ਰਸੀਦ ਪ੍ਰਣਾਲੀ: ਕਿਸਾਨ ਫਸਲਾਂ ਨੂੰ ਗੋਦਾਮ ਵਿੱਚ ਰੱਖ ਕੇ ਰਸੀਦ ਦੇ ਆਧਾਰ 'ਤੇ ਬੈਂਕ ਤੋਂ ਕਰਜ਼ਾ ਲੈ ਸਕਦੇ ਹਨ ਅਤੇ ਉਚਿਤ ਸਮੇਂ 'ਤੇ ਵੇਚ ਸਕਦੇ ਹਨ।

ਡਿਜੀਟਲ ਪਾਰਦਰਸ਼ਤਾ: ਖਰੀਦ ਅਤੇ ਸਟੋਰੇਜ ਦੀ ਪ੍ਰਕਿਰਿਆ ਨੂੰ ਔਨਲਾਈਨ ਅਤੇ ਪਾਰਦਰਸ਼ੀ ਬਣਾਇਆ ਜਾਵੇ।

ਸਿੱਟਾ

ਕਿਸਾਨ ਸਿਰਫ਼ ਉਤਪਾਦਕ ਨਹੀਂ, ਸਗੋਂ ਦੇਸ਼ ਦੀ ਭੋਜਨ ਸੁਰੱਖਿਆ ਦੇ ਸਰਪ੍ਰਸਤ ਹਨ।

ਜੇਕਰ ਉਨ੍ਹਾਂ ਨੂੰ ਸਹੀ ਸਟੋਰੇਜ ਸਹੂਲਤ ਮਿਲਦੀ ਹੈ, ਤਾਂ ਉਹ ਆਪਣੀ ਪੈਦਾਵਾਰ ਦੀ ਬਿਹਤਰ ਕੀਮਤ ਪ੍ਰਾਪਤ ਕਰ ਸਕਦੇ ਹਨ ਅਤੇ ਖੇਤੀਬਾੜੀ ਨੂੰ ਵਧੇਰੇ ਲਾਭਦਾਇਕ ਬਣਾ ਸਕਦੇ ਹਨ। ਸਟੋਰੇਜ ਸੰਕਟ ਨੂੰ ਸਿਰਫ਼ ਸਰਕਾਰੀ ਯੋਜਨਾਵਾਂ ਦੁਆਰਾ ਹੀ ਨਹੀਂ, ਸਗੋਂ ਸਮੂਹਿਕ ਯਤਨ ਅਤੇ ਨੀਤੀ ਦੇ ਪ੍ਰਭਾਵਸ਼ਾਲੀ ਲਾਗੂਕਰਨ ਦੁਆਰਾ ਹੱਲ ਕੀਤਾ ਜਾ ਸਕਦਾ ਹੈ। ਜਦੋਂ ਤੱਕ ਕਿਸਾਨ ਦੀ ਫਸਲ ਸੁਰੱਖਿਅਤ ਨਹੀਂ ਹੁੰਦੀ, ਉਸ ਦਾ ਮਿਹਨਤ ਵੀ ਸੁਰੱਖਿਅਤ ਨਹੀਂ ਹੁੰਦਾ। ਇਸ ਲਈ ਸਮੇਂ ਦੀ ਮੰਗ ਹੈ ਕਿ ਸਟੋਰੇਜ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਕਿਸਾਨ ਨੂੰ ਆਰਥਿਕ ਅਤੇ ਮਾਨਸਿਕ ਰਾਹਤ ਦਿੱਤੀ ਜਾਵੇ।

Now Open New Banquet Hall in Sacramento
For more info: Contact Paul : (916)334-6000




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਸੂਲੀ

ਸੂਲੀ ਮੇਰੇ ਚਾਵਾਂ ਨੂੰ ਸੂਲੀ ਦੇ ਉੱਤੇ ਚਾੜ੍ਹਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੈਨੂੰ ਗ਼ਮਾਂ ਦੀ ਭੱਠੀ ਦੇ ਵਿੱਚ ਸਾੜਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੇਰੇ ਸਾਹਾਂ ਵਿੱਚ ਲੈਂਦਾ ਸੀ ਤੂੰ ਸਾਹ ਵੇ।
ਘੜੀ ਪਲ ਦਾ ਨਾ ਖਾਂਦਾ ਸੀ ਵਸਾਹ ਵੇ।
ਮੇਰੇ ਆਸਾਂ ਵਾਲੇ ਮਹਿਲ ਨੂੰ ਉਖਾੜਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੇਰੇ ਚਾਵਾਂ---।
ਆਪੇ ਅੱਖੀਆਂ ਮਿਲਾ ਕੇ ਹੋਇਆ ਦੂਰ ਵੇ।
ਮੈਨੂੰ ਦੱਸਿਆ ਨਾ ਮੇਰਾ ਕੀ ਕਸੂਰ ਵੇ।
ਮੈਨੂੰ ਚੰਗਾ ਭਲਾ ਵੱਸਦਾ ਉਜਾੜ ਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੇਰੇ ਚਾਵਾਂ---।
ਤੇਰੇ ਨੈਣਾਂ ਨੂੰ ਵੀ ਕਿਤੇ ਰੋਣਾ ਪੈਣਾ ਏ।
ਬੋਝ ਦਿਲ ਉੱਤੇ ਪਿਆ ਤਾਂ ਹੀ ਲਹਿਣਾ ਏ।
ਮੈਨੂੰ ਦੁੱਖਾਂ ਦੇ ਤੰਦੂਰ ਵਿੱਚ ਰਾੜ੍ਹਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੇਰੇ ਚਾਵਾਂ---।
ਕਿਤੇ ਰੁੱਸ ਜਾਣਾ ਕਿਤੇ ਮੰਨ ਜਾਣਾ ਵੇ।
ਚੱਲੀ ਜਾਂਦਾ ਦਸਤੂਰ ਇਹ ਪੁਰਾਣਾ ਏ।
ਨਾਲ 'ਨਾਗਰੇ' ਦੇ ਸੱਜਣਾ ਵਿਗਾੜਕੇ,
ਵੇ ਤੈਨੂੰ ਦੱਸ ਕੀ ਮਿਲਿਆ।
ਮੇਰੇ ਚਾਵਾਂ---।

SANJHI SOCH
ਜਸਪਾਲ ਸਿੰਘ ਨਾਗਰਾ 'ਮਹਿੰਦ ਪੁਰੀ'
ਯੂਬਾ ਸਿਟੀ ਕੈਲੀਫੋਰਨੀਆ (ਅਮਰੀਕਾ)
ਫੋਨ +13604481989



ਕਾਵਿ ਵਿਅੰਗ

# ਇਹ ਜੰਗਾਂ ਕਾਹਦੇ ਵਾਸਤੇ

ਅਮਰੀਕਾ,ਇਜ਼ਰਾਈਲ,ਈਰਾਨ ਨਾਲ ਜੰਗ ਛੇੜੀ,
ਕੰਬ ਉੱਠਿਆ ਸਾਰਾ ਜਹਾਨ ਮੀਆਂ।
ਬੰਬ ਡਿੱਗਦੇ ਅੱਧ ਅਸਮਾਨ ਵਿੱਚੋਂ,
ਲੋਕ ਬਚਾਉਂਦੇ ਫਿਰਦੇ ਜਾਨ ਮੀਆਂ।
ਉੱਚੀਆਂ ਮੰਜ਼ਿਲਾਂ ਡਿੱਗ ਡਿੱਗ ਚੂਰ ਹੋਈਆਂ,
ਵੱਜਣ ਮਿਜਾਇਲਾਂ,ਕਰਨਨੁਕਸਾਨ ਮੀਆਂ।
ਘੱਟ ਕੋਈ ਨੀ ,ਵਧ-ਵਧ ਫਾਇਰ ਕਰਦੇ,
ਫੜੀ ਜਰਨੈਲਾਂ ਹੱਥ ਕਮਾਨ ਮੀਆਂ।
ਧੂੰਆਂ ਉੱਠਦਾ ਵਾਂਗ ਵਰੋਲਿਆਂ ਦੇ,
ਕਾਲਾ ਹੋਇਆ ਪਿਆ ਅਸਮਾਨ ਮੀਆਂ।
ਕਰਦਾ ਮਨੁੱਖ ਹੈ,ਭਰਦੇ ਪਸ਼ੂ ਪੰਛੀ,
ਡਾਹਡੇ ਸਹਿਮੇ ਤੇ ਪ੍ਰੇਸ਼ਾਨ ਮੀਆਂ।
ਐਟਮੀਂ ਸ਼ਕਤੀਆਂ ਹਨ ਦੋਵੇਂ ਪਾਸੇ,
ਬਣਨਾ ਕੀ, ਜਾਣੇ ਭਗਵਾਨ ਮੀਆਂ।
ਦਿਨ ਰਾਤ ਦਾ ਪਤਾ ਨਾਕੋਈ ਲੱਗੇ,
ਜਗਦੇ ਦੀਵਿਆਂ ਵਾਂਗ ਵਿਮਾਨ ਮੀਆਂ।
ਹਾਕਮ ਚੂਰ ਹੋਏ ਸੱਤਾ ਦੇ ਨਸ਼ੇ ਅੰਦਰ,
ਫ਼ਲ ਭੁਗਤਦੇ ਨੇ ਬੇ-ਜ਼ੁਬਾਨ ਮੀਆਂ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

LARRY T. NIERMEYER



Attorney at Law

OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

## S. Singh Cell: (510) 766-9382

2955 N. Wilson Way Stockton , CA 95205

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
2 ਸਾਲ ਦਾ Work Permit
Spouse ਨੂੰ ਮਿਲੇਗਾ Open Work Permit
ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973
DHMS-Gold Medalist, BAMS, MDEH
Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com Sanjhi Soch TV NRI




SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260